ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1785 | 28 June, 2024 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਦਿੱਲੀ ਏਅਰਪੋਰਟ 'ਚ ਛੱਤ ਡਿੱਗਣ ਕਾਰਨ 1 ਦੀ ਮੌਤ, ਵਾਹਨਾਂ 'ਚ ਫਸੇ ਲੋਕ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਅੱਜ ਸਵੇਰੇ ਕਰੀਬ 5 ਵਜੇ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਟਰਮੀਨਲ-1 'ਤੇ ਵੱਡਾ ਹਾਦਸਾ ਵਾਪਰ ਗਿਆ। ਮੀਂਹ ਕਾਰਨ ਟਰਮੀਨਲ ਦੀ ਛੱਤ ਹੇਠਾਂ ਖੜ੍ਹੇ ਵਾਹਨਾਂ 'ਤੇ ਡਿੱਗ ਗਈ, ਜਿਸ ਨਾਲ ਕੁਝ ਲੋਕ ਫਸ ਗਏ। ਜਾਣਕਾਰੀ ਅਨੁਸਾਰ ਦਿੱਲੀ ਫਾਇਰ ਸਰਵਿਸ (ਡੀਐਫਐਸ) ਦੀ ਟੀਮ ਮੌਕੇ 'ਤੇ ਲੋੜੀਂਦੀ ਕਾਰਵਾਈ ਕਰ ਰਹੀ ਹੈ। ਇਸ ਦੇ ਨਾਲ ਹੀ ਇਸ ਹਾਦਸੇ ਵਿੱਚ ਹੁਣ ਤੱਕ ਇੱਕ ਵਿਅਕਤੀ ਦੀ ਮੌਤ ਹੋ ਚੁੱਕੀ ਹੈ ਅਤੇ 8 ਲੋਕ ਜ਼ਖਮੀ ਹੋ ਗਏ ਹਨ। ਇਹ ਹਾਦਸਾ ਸ਼ੁੱਕਰਵਾਰ ਸਵੇਰੇ ਕਰੀਬ 5 ਵਜੇ ਆਈਜੀਆਈ ਏਅਰਪੋਰਟ ਦੇ ਟਰਮੀਨਲ ਵਨ 'ਤੇ ਵਾਪਰਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਫਾਇਰ ਵਿਭਾਗ ਦੇ ਚਾਰ ਫਾਇਰ ਟੈਂਡਰ ਰਾਹਤ ਅਤੇ ਬਚਾਅ ਲਈ ਹਵਾਈ ਅੱਡੇ 'ਤੇ ਭੇਜੇ ਗਏ।

ਇਹ ਹਾਦਸਾ ਸਵੇਰੇ 5.30 ਵਜੇ ਵਾਪਰਿਆ। ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ ਹਾਦਸੇ ਦਾ ਕਾਰਨ ਮੀਂਹ ਕਾਰਨ ਛੱਤ ਦਾ ਡਿੱਗਣਾ ਦੱਸਿਆ ਜਾ ਰਿਹਾ ਹੈ। ਪੀਟੀਆਈ ਦੇ ਅਨੁਸਾਰ, ਛੱਤ ਦੀ ਚਾਦਰ ਦਾ ਇੱਕ ਹਿੱਸਾ ਵੀ ਉਨ੍ਹਾਂ ਨੂੰ ਸਹਾਰਾ ਦੇਣ ਵਾਲੀਆਂ ਕੁਝ ਲੋਹੇ ਦੀਆਂ ਬੀਮਾਂ ਦੇ ਨਾਲ ਡਿੱਗ ਗਿਆ। ਇਹ ਮਲਬਾ ਟਰਮੀਨਲ 'ਚ ਖੜ੍ਹੀਆਂ ਕਾਰਾਂ ਅਤੇ ਟੈਕਸੀਆਂ 'ਤੇ ਡਿੱਗ ਗਿਆ, ਜਿਸ ਕਾਰਨ ਉਨ੍ਹਾਂ 'ਚ ਬੈਠੇ ਕੁਝ ਲੋਕ ਫਸ ਗਏ। ਅਧਿਕਾਰੀਆਂ ਨੇ ਦੱਸਿਆ ਕਿ ਛੱਤ ਦੀਆਂ ਚਾਦਰਾਂ ਤੋਂ ਇਲਾਵਾ, ਸਪੋਰਟ ਬੀਮ ਵੀ ਡਿੱਗ ਗਏ, ਜਿਸ ਨਾਲ ਟਰਮੀਨਲ ਦੇ ਪਿਕ-ਅੱਪ ਅਤੇ ਡਰਾਪ ਖੇਤਰ ਵਿੱਚ ਖੜ੍ਹੀਆਂ ਕਾਰਾਂ ਨੂੰ ਨੁਕਸਾਨ ਪਹੁੰਚਿਆ। ਦਿੱਲੀ ਏਅਰਪੋਰਟ ਅਥਾਰਟੀ ਦੇ ਬੁਲਾਰੇ ਨੇ ਇਕ ਬਿਆਨ 'ਚ ਕਿਹਾ, "ਅੱਜ ਸਵੇਰ ਤੋਂ ਹੋ ਰਹੀ ਭਾਰੀ ਬਾਰਿਸ਼ ਕਾਰਨ ਦਿੱਲੀ ਏਅਰਪੋਰਟ ਟਰਮੀਨਲ 1 ਦੇ ਪੁਰਾਣੇ ਡਿਪਾਰਚਰ ਕੰਕੋਰਸ ਦੀ ਛੱਤ ਦਾ ਇਕ ਹਿੱਸਾ ਸਵੇਰੇ ਕਰੀਬ 5 ਵਜੇ



ਡਿੱਗ ਗਿਆ। ਕੁਝ ਲੋਕਾਂ ਦੇ ਜ਼ਖਮੀ ਹੋਣ ਦੀ ਖਬਰ ਹੈ।" ਅਤੇ ਐਮਰਜੈਂਸੀ ਕਰਮਚਾਰੀ ਪ੍ਰਭਾਵਿਤ ਲੋਕਾਂ ਨੂੰ ਹਰ ਲੋੜੀਂਦੀ ਸਹਾਇਤਾ ਅਤੇ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਲਈ ਕੰਮ ਕਰ ਰਹੇ ਹਨ।"ਉਨ੍ਹਾਂ ਦੱਸਿਆ ਕਿ ਜ਼ਖਮੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਜਿਸ ਕਾਰ 'ਤੇ ਲੋਹੇ ਦਾ ਬੀਮ ਡਿੱਗਿਆ ਸੀ, ਉਸ 'ਚੋਂ ਛੇ ਲੋਕਾਂ 'ਚੋਂ ਇਕ ਨੂੰ ਬਚਾਇਆ ਗਿਆ। ਡੀਐਫਐਸ ਨੂੰ ਸਵੇਰੇ 5.30 ਵਜੇ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ, ਤਿੰਨ ਫਾਇਰ ਬ੍ਰਿਗੇਡਾਂ ਨੂੰ ਹਵਾਈ ਅੱਡੇ ਲਈ ਭੇਜਿਆ ਗਿਆ। ਸ਼ਹਿਰੀ ਹਵਾਬਾਜ਼ੀ ਮੰਤਰੀ ਕੇ ਰਾਮਮੋਹਨ ਨਾਇਡੂ ਨੇ ਟਵਿੱਟਰ 'ਤੇ ਇਕ ਪੋਸਟ 'ਚ ਕਿਹਾ ਕਿ ਉਹ ਨਿੱਜੀ ਤੌਰ 'ਤੇ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ ਅਤੇ ਜ਼ਖਮੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ, "ਮੈਂ ਦਿੱਲੀ ਹਵਾਈ ਅੱਡੇ ਦੇ ਟੀ1 'ਤੇ ਛੱਤ ਡਿੱਗਣ ਦੀ ਘਟਨਾ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਿਹਾ ਹਾਂ। ਬਚਾਅ ਟੀਮਾਂ ਮੌਕੇ 'ਤੇ ਕੰਮ ਕਰ ਰਹੀਆਂ ਹਨ। ਨਾਲ ਹੀ, ਏਅਰਲਾਈਨਜ਼ ਨੂੰ ਟੀ1 'ਤੇ ਸਾਰੇ ਪ੍ਰਭਾਵਿਤ ਯਾਤਰੀਆਂ ਦੀ ਮਦਦ ਕਰਨ ਦੀ ਸਲਾਹ ਦਿੱਤੀ ਗਈ ਹੈ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ। ਬਚਾਅ ਕਾਰਜ ਅਜੇ ਵੀ ਜਾਰੀ ਹੈ।

# ਗਰਮੀਆਂ ਦੀਆਂ ਛੁੱਟੀਆਂ ਖ਼ਤਮ ਹੋਣ ਤੋਂ ਪਹਿਲਾਂ ਸਕੂਲਾਂ ਨੂੰ ਨਵੇਂ ਹੁਕਮ ਜਾਰੀ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਵਿੱਚ ਗਰਮੀਆਂ ਦੀਆਂ ਛੁੱਟੀਆਂ ਖ਼ਤਮ ਹੋਣ ਵਾਲੀਆਂ ਹਨ। 1 ਜੁਲਾਈ ਤੋਂ ਪੰਜਾਬ ਦੇ ਸਾਰੇ ਸਕੂਲ ਖੁੱਲ੍ਹ ਜਾਣਗੇ। ਇਸ ਵਿਚਾਲੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਲੁਧਿਆਣਾ ਵੱਲੋਂ ਨੋਟਿਸ ਜਾਰੀ ਕੀਤੇ ਗਏ ਹਨ।

ਇਸ ਨੋਟਿਸ ਰਾਹੀਂ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਸਕੂਲ ਮੁਖੀ,ਇੰਚਾਰਜ ਅਤੇ ਹੈੱਡ ਮਾਸਟਰਾਂ ਨੂੰ ਸਕੂਲਾਂ ਵਿੱਚ ਸਫਾਈ ਦਾ ਪ੍ਰਬੰਧ ਕਰਨ ਸਬੰਧੀ ਆਦੇਸ਼ ਦਿੱਤੇ ਹਨ। ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਇਨ੍ਹਾਂ ਹੁਕਮਾਂ/ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ।

1. 1 ਜੁਲਾਈ ਤੋਂ ਪਹਿਲਾਂ-ਪਹਿਲਾਂ ਸਕੂਲ ਦੇ ਸਾਰੇ ਕਮਰਿਆਂ ਦੀ ਚੰਗੀ ਤਰ੍ਹਾਂ ਸਾਫ-ਸਫਾਈ ਕਰਵਾਈ ਜਾਵੇ।
2. ਪੀਣ ਵਾਲੇ ਪਾਣੀ ਦੀ ਟੈਂਕੀ ਦੀ ਸਾਫ-ਸਫਾਈ ਕਰਵਾਈ ਜਾਵੇ।
3. ਸਕੂਲ ਦੇ ਗਰਾਊਂਡ ਦੀ ਚੰਗੀ ਤਰ੍ਹਾਂ ਸਾਫ-ਸਫਾਈ ਕਰਵਾਈ ਜਾਵੇ।
4. ਆਗਾਮੀ ਹੋਣ ਵਾਲੀਆਂ ਖੇਡਾਂ ਲਈ ਗਰਾਊਂਡ ਤਿਆਰ ਕਰਕੇ ਬੱਚਿਆਂ ਨੂੰ ਖੇਡਾਂ ਸਬੰਧੀ ਤਿਆਰੀ ਕਰਵਾਉਣੀ ਲਾਜਮੀ ਬਣਾਈ ਜਾਵੇ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration, Divorce, Custody and Support issues, Business Disputes, Living Trusts, Criminal Matters, Misdemeanors, DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
ਹੋਰ ਜਾਣਕਾਰੀ ਲਈ ਸੰਪਰਕ ਕਰੋ:
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਸਰਬੱਤ ਦੇ ਭਲੇ ਲਈ ਕਾਰਜ਼ਸ਼ੀਲ ਹੈ ਯੂਨਾਈਟਿਡ ਸਿੱਖ ਮਿਸ਼ਨ ਕੈਲੇਫੋਰਨੀਆ



ਗੁਰਮੀਤ ਸਿੰਘ ਪਲਾਹੀ
98158-02070

ਚੰਗੇ ਭਵਿੱਖ ਲਈ, ਪਰ ਕਦੇ-ਕਦੇ ਮਜ਼ਬੂਰੀਆਂ ਕਾਰਨ ਮਨੁੱਖ ਦਾ ਖਾਸਾ ਪ੍ਰਵਾਸ ਹੰਢਾਉਣ ਦਾ ਰਿਹਾ ਹੈ। ਪ੍ਰਵਾਸ ਦੀ ਇਹ ਪ੍ਰਵਿਰਤੀ ਮਨੁੱਖ ਨੂੰ ਦੇਸ਼, ਵਿਦੇਸ਼ ਦੇ ਲੋਕਾਂ ਨਾਲ ਸਾਂਝ ਪਾਉਣ, ਆਪਣਾ ਭਵਿੱਖ ਸੁਆਰਣ, ਨਵੇਂ ਸਭਿਆਚਾਰਾਂ 'ਚ ਵਿਚਰਨ ਦਾ ਮੌਕਾ ਪ੍ਰਦਾਨ ਕਰਦੀ ਹੈ। ਪ੍ਰਵਾਸੀ ਮਨੁੱਖ ਨਵੇਂ ਥਾਵਾਂ 'ਤੇ ਜਾਕੇ ਬਹੁਤ ਕੁਝ ਸਿਖਦਾ ਹੈ, ਤਜ਼ਰਬੇ ਹਾਸਲ ਕਰਦਾ ਹੈ, ਵੱਡੀਆਂ ਪ੍ਰਾਪਤੀਆਂ ਕਰਦਾ ਹੈ, ਪਰ ਜਨਮ ਭੂਮੀ ਨਾਲ ਉਸਦਾ ਲਗਾਅ ਲਗਾਤਾਰ ਰਹਿੰਦਾ ਹੈ ਅਤੇ ਉਹ ਜ਼ਿੰਦਗੀ ਭਰ ਉਸਦਾ ਕਰਜ਼ਾ ਚੁਕਾਉਣ ਲਈ ਤਤਪਰ ਰਹਿੰਦਾ ਹੈ।

ਹਿੰਦੋਸਤਾਨੀ ਪ੍ਰਵਾਸੀਆਂ ਖ਼ਾਸ ਕਰਕੇ ਪੰਜਾਬੀ ਪ੍ਰਵਾਸੀਆਂ, ਜਿਹਨਾ ਜਿਥੇ ਵਿਸ਼ਵ ਦੇ ਵੱਖੋ-ਵੱਖਰੇ ਥਾਵਾਂ 'ਤੇ ਜਾਕੇ ਬਹੁਤ ਕੁਝ ਹਾਸਲ ਕੀਤਾ, ਉਥੇ ਉਹਨਾ ਆਪਣੇ ਧਰਮ, ਸਭਿਆਚਾਰ, ਬੋਲੀ ਨੂੰ ਜੀਊਂਦੇ ਰੱਖਿਆ। ਉਹ ਇੰਜੀਨੀਅਰ, ਡਾਕਟਰ, ਪ੍ਰੋਫੈਸ਼ਨਲ ਬਣੇ। ਉਹਨਾ ਖੇਤੀ ਅਤੇ ਬਿਜ਼ਨੈਸ ਖ਼ਾਸ ਕਰਕੇ ਟਰੱਕਿੰਗ 'ਚ ਵਿਸ਼ੇਸ਼ ਉਪਲੱਬਧੀਆਂ ਹਾਸਲ ਕੀਤੀਆਂ। ਸਿਆਸੀ ਖੇਤਰ 'ਚ ਪੈਰ ਪਸਾਰੇ, ਪਰ ਸਮਾਜ ਸੇਵਾ 'ਚ ਉਹਨਾ ਗੁਰੂਆਂ ਦੇ ਦੱਸੇ ਰਸਤੇ 'ਤੇ ਚਲਦਿਆਂ ਵੱਡੇ ਮਾਅਰਕੇ ਮਾਰੇ।

ਇਸੇ ਸਦਕਾ ਪਿਛਲੇ ਚਾਰ -ਪੰਜ ਦਹਾਕਿਆਂ ਤੋਂ ਪ੍ਰਵਾਸੀ ਪੰਜਾਬੀਆਂ ਆਪਣੇ ਦੇਸ਼ ਪੰਜਾਬ ਅਤੇ ਆਪਣੇ ਪਿੰਡਾਂ, ਸ਼ਹਿਰਾਂ ਲਈ ਉਹਨਾ ਦੇ ਬੁਨਿਆਦੀ ਢਾਂਚੇ 'ਚ ਉਸਾਰੀ ਲਈ ਵਿਸ਼ੇਸ਼ ਯੋਗਦਾਨ ਪਾਇਆ, ਹਸਪਤਾਲ, ਸਕੂਲ, ਸਟੇਡੀਅਮ, ਜੰਜ ਘਰ ਆਦਿ ਉਸਾਰੇ, ਲੋੜਵੰਦ ਲੜਕੀਆਂ ਦੇ ਵਿਆਹਾਂ, 'ਚ ਯੋਗਦਾਨ ਪਾਇਆ। ਸਕੂਲ, ਕਾਲਜਾਂ ਦੇ ਵਿਦਿਆਰਥੀ ਲਈ ਫ਼ੀਸਾਂ ਅਦਾ ਕਰਕੇ ਉਹਨਾ ਨੂੰ ਪੜ੍ਹਾਇਆ। ਪਰ ਕੁਝ ਇੱਕ ਸੰਸਥਾਵਾਂ ਨੇ ਵਿਲੱਖਣ ਸੇਵਾ ਕਰਦਿਆਂ ਪੰਜਾਬ 'ਵ ਵਧ ਰਹੇ ਕੈਂਸਰ ਅਤੇ ਅੱਖਾਂ ਦੀਆਂ ਬੀਮਾਰੀਆਂ ਦੇ ਇਲਾਜ ਲਈ ਭਰਪੂਰ ਉਪਰਾਲੇ ਕੀਤੇ।

ਇਹੋ ਜਿਹੀਆਂ ਸੰਸਥਾਵਾਂ ਵਿਚੋਂ ਇੱਕ ਯੂਨਾਈਟਿਡ ਸਿੱਖ ਮਿਸ਼ਨ ਸੰਸਥਾ ਹੈ, ਜਿਸ ਦੇ ਆਗੂਆਂ ਨੇ ਭਰਪੂਰ ਯਤਨ ਕਰਕੇ ਪੰਜਾਬ ਦੇ ਪਿੰਡਾਂ 'ਚ ਵੱਡੀ ਪੱਧਰ ਉਤੇ ਕੰਮ ਕੀਤਾ ਹੈ। ਹਜ਼ਾਰਾਂ ਵਿਅਕਤੀਆਂ ਦੀਆਂ ਅੱਖਾਂ ਦੀ ਰੌਸ਼ਨੀ ਮੁੜ ਪਰਤਾਈ ਅਤੇ ਬੁਢਾਪੇ 'ਚ ਨਿਆਸਰੇ ਲੋੜਬੰਦ ਬਜ਼ੁਰਗਾਂ ਦੀਆਂ ਅੱਖਾਂ 'ਚ ਲੈੱਨਜ਼ ਪਾਉਣ ਦੀ ਸੇਵਾ ਨਿਭਾਈ।

ਯੂਨਾਈਟਿਡ ਸਿੱਖ ਮਿਸ਼ਨ ਕੈਲੇਫੋਰਨੀਆ ਯੂਐਸਏ ਦਾ ਮੁੱਖ ਉਦੇਸ਼ ਅੱਖਾਂ ਦੇ ਅਪਰੇਸ਼ਨ ਅਤੇ ਅੱਖਾਂ ਦੇ ਚੈੱਕਅੱਪ ਕੈਂਪ ਲਾਉਣਾ ਹੈ। ਸਾਲ 2023 ਵਿੱਚ ਇਸ ਸੰਸਥਾ ਵਲੋਂ ਭਾਣੋਕੀ(ਫਗਵਾੜਾ) ਵਿਖੇ 45, ਫਿਰੋਜ਼ਪੁਰ ਵਿਖੇ 83, ਸਰਹਾਲਾ



(ਅੰਮ੍ਰਿਤਸਰ) ਵਿਖੇ 69, ਸਮੁੰਦਰਾ ਜਿਲਾ ਰੂਪਨਗਰ ਵਿਖੇ 32, ਹੇਂਲਰਾਂ (ਜਲੰਧਰ) ਵਿਖੇ 56, ਝਾਵਾਂ (ਹੁਸ਼ਿਆਰਪੁਰ) ਵਿਖੇ 70, ਉਪਲ ਤਰਨਤਾਰਨ ਵਿਖੇ 60, ਪੱਧਰੀ ਅੰਮ੍ਰਿਤਸਰ ਵਿਖੇ 16, ਬਿਆਸ 'ਚ 39, ਭਲੋਜਲਾ (ਤਰਨਤਾਰਨ) ਵਿਖੇ 58, ਰਸਤਗੋ ਜਲੰਧਰ 35, ਅਲੀਪੁਰ(ਹੁਸ਼ਿਆਰਪੁਰ) ਵਿਖੇ 36, ਭਾਸਵਾਨ ਜਲੰਧਰ 'ਚ 32, ਭੱਟੀਕੇ ਅੰਮ੍ਰਿਤਸਰ ਵਿਖੇ 168, ਸਿਧਵਾ ਦੋਨਾ ਵਿਖੇ 45, ਘੁਮਾਣ(ਗੁਰਦਾਸਪੁਰ) 27, ਪੁਰ ਹੀਰਾਂ ਵਿਖੇ 59, ਸਾਧੂ ਆਸ਼ਰਮ ਕੋਟਲ ਲੇਹਲ ਸੰਗਰੂਰ ਵਿਖੇ 172, ਧਾਮਕੋਟ (ਲੁਧਿਆਣਾ) 'ਚ 50, ਰੰਨਗੀਆਂ ਵਿਖੇ 18, ਸੁਲਤਾਨਵਿੰਡ 'ਚ 86, ਕੋਟਲੀਥਾਨ ਸਿੰਘ ਵਿਖੇ 26, ਜਲਵਾਨਾ (ਸੰਗਰੂਰ) 14, ਗਿੱਲ ਬੌਬ ਵਿਖੇ 60, ਬਿਲੀ ਬਰੈਚ 47, ਟਾਂਡਾ ਵਿਖੇ 54, ਮਾਨੋਹਰਪੁਰ 45, ਬਿਆਸ ਪਿੰਡ 46, ਸਾਧੂ ਆਸ਼ਰਮ ਮਾਨਸਾ 138, ਪੁਲ ਰੁਖੜਾ 42, ਜੈਨਪੁਰ 39, ਚੋਟੀਆਂ 49, ਔਲਖ 60, ਰੁਪਾਲਹੇਰੀ 48, ਮੁਹੱਦੀਆ 53, ਲਹਿਰਾ ਵਿਖੇ 33, ਬਜ਼ੁਰਗਾਂ ਦੇ ਅੱਖਾਂ ਦੀ ਸਰਜਰੀ ਕੀਤੀ ਗਈ ਤੇ ਅੱਖਾਂ ਦੇ ਲੈੱਨਜ਼ ਪੁਆਏ। ਇਸ ਤਰ੍ਹਾਂ ਸਾਲ 2023 'ਚ ਕੁਲ ਮਿਲਾਕੇ ਦਸ ਹਜ਼ਾਰ ਤੋਂ ਵਧ ਲੋਕਾਂ ਦੀਆਂ ਅੱਖਾਂ ਦੇ ਚੈੱਕ ਅੱਪ ਕਰਵਾਏ ਗਏ। ਸਾਲ 2024 ਵਿੱਚ ਵੀ ਇਹ ਕਾਰਜ ਨਿਰਵਿਘਨ ਜਾਰੀ ਹੈ।

ਯੂਨਾਈਟਿਡ ਸਿੱਖ ਮਿਸ਼ਨ ਅੱਖਾਂ ਦੇ ਕੈਂਪ ਲਗਾਕੇ ਪੰਜਾਬ ਦੇ ਬਜ਼ੁਰਗਾਂ, ਲੋੜਬੰਦਾਂ ਦੀ ਸਹਾਇਤਾ ਲਈ ਕਾਰਜਸ਼ੀਲ ਹੈ, ਕਿਉਂਕਿ ਪੰਜਾਬ ਦੇ ਲੋਕ ਅੱਖਾਂ ਪ੍ਰਤੀ ਖ਼ਾਸ ਤੌਰ 'ਤੇ ਅਵੇਸਲੇ ਹਨ, ਇਸੇ ਕਰਕੇ ਇੱਕ ਡੂੰਘੀ ਸੋਚ ਮਨ 'ਚ ਰੱਖਦਿਆਂ ਇਸ ਸੰਸਥਾ ਦੇ ਮੈਂਬਰਾਂ ਨੇ ਰਸ਼ਪਾਲ ਸਿੰਘ ਢੀਂਡਸਾ, ਵਰਿੰਦਰ ਕੌਰ ਸੰਘਾ, ਗੁਰਪਾਲ ਸਿਮਘ ਢੀਂਡਸਾ, ਰਣਜੀਤ ਸਿੰਘ, ਬਿੰਦਰ ਸਿੰਘ ਢਿਲੋਂ, ਬਲਵਿੰਦਰ ਸਿੰਘ ਬੜੈਚ ਅਤੇ ਹੋਰਨਾਂ ਦੀ ਅਗਵਾਈ ਵਿੱਚ ਇਸ ਸਬੰਧ ਵਿੱਚ ਵਡੇਰੇ ਕਦਮ ਪੁੱਟੇ। ਇਸ ਸੰਸਥਾ ਵਲੋਂ ਦੋ ਦਹਾਕਿਆਂ ਵਿੱਚ 250 ਤੋਂ ਵੱਧ ਅੱਖਾਂ ਦੇ ਕੈਂਪ ਪਿਛਲੇ ਪੰਜਾਂ ਸਾਲਾਂ ਵਿੱਚ ਅਤੇ 600 ਤੋਂ ਵੱਧ ਕੈਂਪ ਪਿਛਲੇ 19 ਸਾਲਾਂ ਵਿੱਚ ਲਗਾ ਚੁੱਕੀ ਹੈ, ਜਿਸ ਤੋਂ 3 ਲੱਖ ਤੋਂ ਵਧ ਲੋਕਾਂ ਨੇ ਫਾਇਦਾ ਲਿਆ ਹੈ। ਅੱਖਾਂ ਦੇ ਸਰਜਰੀ ਕਰਕੇ ਲੈੱਨਜ਼ ਹੀ ਨਹੀਂ ਪਾਏ ਗਏ, ਸਗੋਂ ਉਹਨਾ ਨੂੰ ਮੁਫਤ ਦਵਾਈਆਂ, ਐਨਕਾਂ ਵੀ ਮੁਫ਼ਤ ਦਿੱਤੀਆਂ ਗਈਆਂ।

ਕੈਲੇਫੋਰਨੀਆ ਦੀ ਯੂਨਾਈਟਿਡ ਸਿੱਖ ਮਿਸ਼ਨ ਇੱਕ ਗੈਰ-ਸਰਕਾਰੀ ਅੰਤਰਰਾਸ਼ਟਰੀ ਸੰਸਥਾ ਹੈ, ਜੋ ਸਿਹਤ, ਸਿੱਖਿਆ, ਵਾਤਾਵਰਨ ਅਤੇ ਮਨੁੱਖੀ ਵਿਕਾਸ ਲਈ ਬਚਨਬੱਧਤਾ ਦੇ ਨਾਲ ਕੰਮ ਕਰਦੀ ਹੈ। ਇਹ ਸੰਸਥਾ ਅਮਰੀਕਾ ਵਿੱਚ ਵੱਖੋ-ਵੱਖਰੇ ਦੇਸ਼ਾਂ 'ਚ ਕੰਮ ਕਰਨ ਲਈ ਚੈਰੀਟੇਬਲ ਸੁਸਾਇਟੀ ਵਲੋਂ ਰਜਿਸਟਰਡ ਹੈ। ਇਸ ਸੰਸਥਾ ਦਾ ਮੁੱਖ ਉਦੇਸ਼ ਜਿਥੇ ਸਿਹਤ ਸੰਭਾਲ ਖ਼ਾਸ ਕਰਕੇ ਅੱਖਾਂ ਦੀ



ਸੰਭਾਲ ਮੁੱਖ ਤੌਰ 'ਤੇ ਹੈ ਉਥੇ ਸੰਸਥਾਂ ਵਲੋਂ ਸਿੱਖ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਸਾਲ 2021 ਵਿੱਚ ਰਛਪਾਲ ਸਿੰਘ ਢੀਂਡਸਾ ਦੀ ਅਗਵਾਈ ਵਿੱਚ ਸ਼੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਅਤੇ ਹੋਰ ਗੁਰਦੁਆਰਿਆਂ ਵਿੱਚ 1.2 ਮੈਗਾਵਾਟ ਦੇ ਸੋਲਰ ਸਿਸਟਮ ਲਗਾਏ ਗਏ, ਜਿਸ ਨਾਲ ਸਾਫ਼-ਸੁਥਰਾ ਵਾਤਾਵਰਨ ਬਣਾਉਣ ਵਿੱਚ ਤਾਂ ਫ਼ਾਇਦਾ ਹੋਇਆ ਹੀ ਪਰ ਨਾਲ ਦੀ ਨਾਲ ਬਿਜਲੀ ਖਪਤ ਅਤੇ ਖ਼ਰਚ ਵੀ ਘਟਿਆ।

ਇਸ ਸੰਸਥਾ ਦੇ ਕੰਮਾਂ ਅਤੇ ਭਵਿੱਖ ਯੋਜਨਾ ਬਾਰੇ ਜਦੋਂ ਪ੍ਰਧਾਨ ਰਛਪਾਲ ਸਿੰਘ ਢੀਂਡਸਾ ਦੇ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾ ਨੇ ਦੱਸਿਆ ਕਿ ਉਹਨਾ ਦੀ ਯੋਜਨਾ ਪੰਜਾਬ ਦੇ ਹਰ ਪਿੰਡਾਂ ਵਿੱਚ ਅੱਖਾਂ ਦੇ ਮਿਸ਼ਨ ਨੂੰ ਲੈ ਕੇ ਪਹੁੰਚਣ ਦੀ ਹੈ। ਉਹਨਾ ਨੇ ਇਹ ਵੀ ਕਿਹਾ ਕਿ ਅਮਰੀਕਾ ਵਸਦੇ ਪ੍ਰਵਾਸੀ ਵੀਰਾਂ ਵਲੋਂ ਉਹਨਾ ਦੀ ਸੰਸਥਾ ਨੂੰ ਇਸ ਕਾਰਜ ਵਿੱਚ ਵਿਸ਼ੇਸ਼ ਸਹਿਯੋਗ ਮਿਲਦਾ ਹੈ ਕਿਉਂਕਿ ਲੋਕ ਆਪਣੇ-ਆਪਣੇ ਪਿੰਡਾਂ ਵਿੱਚ ਅੱਖਾਂ ਦੇ ਕੈਂਪ ਲਗਵਾ ਕੇ ਉਹਨਾ ਨੂੰ ਮੁਫ਼ਤ ਸਹੂਲਤਾਂ ਦੇਣ ਲਈ ਯੋਗਦਾਨ ਪਾਉਂਦੇ ਹਨ। ਉਹਨਾ ਦੱਸਿਆ ਕਿ ਉਹਨਾ ਦਾ ਮਿਸ਼ਨ ਪੰਜਾਬ ਦੇ ਹਰ ਪਿੰਡ ਵਿੱਚ ਪਹੁੰਚਣ ਦਾ ਹੈ ਅਤੇ ਸਾਲ ਦਰ ਸਾਲ ਉਹਨਾ ਦੀ ਸੰਸਥਾ ਅੱਖਾਂ ਦੇ ਕੈਂਪ ਲਗਾਉਣ 'ਚ ਵਾਧਾ ਕਰਕੇ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਯਤਨਸ਼ੀਲ ਹੈ। ਰਛਪਾਲ ਸਿੰਘ ਢੀਂਡਸਾ ਅਤੇ ਉਹਨਾ ਦੀ ਟੀਮ ਦਾ ਸੁਪਨਾ ਪੰਜਾਬ ਵਿੱਚ ਇੱਕ ਵੱਡਾ ਸੁਪਰਸਪੈਸ਼ਲਿਟੀ ਹਸਪਤਾਲ ਬਣਾਉਣ ਦਾ ਹੈ, ਜਿਥੇ ਮਾਡਰਨ ਸੁਵਿਧਾਵਾਂ ਤਾਂ ਪ੍ਰਦਾਨ ਕੀਤੀਆਂ ਹੀ ਜਾਣਗੀਆਂ ਸਗੋਂ ਮਾਹਰ ਡਾਕਟਰ ਦੀ ਸੇਵਾ ਵੀ ਲਈ ਜਾਵੇਗੀ।

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116

# SUNLIGHT ADULT DAY HEALTH CARE CENTRE

ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ
ਨਵੀਆਂ-ਨਵੀਆਂ communities ਦੇ
ਲੋਕਾਂ ਨਾਲ ਬਿਤਾਓ ਸਮਾਂ



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




Bus Pickup & Drop
ਸਾਫ਼- ਸੁਥਰਾ ਮਾਹੌਲ
Health Care Facility

Physical, Occupational & Speech Therapy
Dietition ਦੁਆਰਾ ਤਿਆਰ Nutritional Diet
ਮੈਡੀਕਲ ਸਹੂਲਤਾਂ Entertainment ਲਈ GAMES

**ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ**



ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ
ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ

ADDRESS:1581 Cummins Drive Suite 100, Modesto, CA 95358

**CALL TODAY AT - (209) 408-0019**
Email : sunlightadhc@yahoo.com

ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ

# ਪੰਜਾਬ ਵਿੱਚ ਸਟੇਟ ਪੈਨਸ਼ਨ ਸਕੀਮ ਅਧੀਨ ਮ੍ਰਿਤਕ, ਐਨ.ਆਰ.ਆਈ, ਸਰਕਾਰੀ ਪੈਨਸ਼ਨਰਜ਼ ਆਦਿ ਲਾਭਪਾਤਰੀਆਂ ਤੋਂ 44.34 ਕਰੋੜ ਦੀ ਰਿਕਵਰੀ: ਡਾ.ਬਲਜੀਤ ਕੌਰ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਦੀ ਭਲਾਈ ਲਈ ਵੱਖ ਵੱਖ ਸਕੀਮਾਂ ਉਲੀਕੀਆਂ ਹੋਈਆਂ ਹਨ ਜਿਨ੍ਹਾਂ ਦੇ ਅਧੀਨ ਪੰਜਾਬੀਆਂ ਨੂੰ ਲਾਭ ਮਿਲ ਰਿਹਾ ਹੈ। ਇਸੀ ਤਰਜ 'ਤੇ ਕੁੱਝ ਸਮਾਂ ਪਹਿਲਾਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਨਿਰਦੇਸ਼ਾਂ ਹੇਠ ਸੂਬੇ ਵਿੱਚ ਸਟੇਟ ਪੈਨਸ਼ਨ ਸਕੀਮ ਅਧੀਨ ਲਾਭ ਲੈ ਰਹੇ ਲਾਭਪਾਤਰੀਆਂ ਦੀ ਹੋਂਦ ਦਾ ਵਿਭਾਗ ਵੱਲੋਂ ਸਰਵੇ ਕਰਵਾਇਆ ਗਿਆ। ਵਿਭਾਗ ਵੱਲੋਂ ਪੇਸ਼ ਕੀਤੀ ਗਈ ਸਰਵੇ ਰਿਪੋਰਟ ਆਉਣ ਤੇ ਅਯੋਗ ਲਾਭਪਾਤਰੀਆਂ ਦਾ ਪਰਦਾਫਾਸ ਹੋਇਆ ਹੈ।

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਕਰਵਾਏ ਸਰਵੇ ਦੀ ਰਿਪੋਰਟ ਅਨੁਸਾਰ ਪਿਛਲੇ ਸਾਲ 2023-24 ਦੌਰਾਨ ਸਟੇਟ ਪੈਨਸ਼ਨ ਸਕੀਮ ਅਧੀਨ ਪੈਨਸ਼ਨ ਲੈ ਰਹੇ 33,48,989 ਲਾਭਪਾਤਰੀਆਂ ਵਿੱਚੋਂ 1,07,571 ਲਾਭਪਾਤਰੀ ਅਯੋਗ ਪਾਏ ਗਏ ਹਨ, ਜਿਨ੍ਹਾਂ ਤੋਂ 41.22 ਕਰੋੜ ਰੁਪਏ ਦੀ ਰਿਕਵਰੀ ਕੀਤੀ ਗਈ ਹੈ।

ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਬੰਧੀ ਦੱਸਿਆ ਕਿ ਪਿਛਲੇ ਸਾਲ ਦੌਰਾਨ ਪੈਨਸ਼ਨ ਸਕੀਮ ਅਧੀਨ 106521 ਪੈਨਸ਼ਨਰਾਂ ਨੂੰ ਮ੍ਰਿਤਕ, 476 ਪੈਨਸ਼ਨਰਾਂ ਨੂੰ ਐਨ.ਆਰ.ਆਈ ਅਤੇ 574 ਪੈਨਸ਼ਨਰ ਸਰਕਾਰੀ ਪੈਨਸ਼ਨਰ ਸਨ, ਇਸ ਤਰ੍ਹਾਂ ਕੁੱਲ 1,07,571 ਲਾਭਪਾਤਰੀਆਂ ਨੂੰ ਪੈਨਸ਼ਨ ਸਕੀਮ ਅਧੀਨ ਅਯੋਗ ਪਾਇਆ ਗਿਆ ਹੈ। ਸੂਬਾ ਸਰਕਾਰ ਵੱਲੋਂ ਇਹਨਾਂ ਲਾਭਪਾਤਰੀਆਂ ਤੋਂ 41.22 ਰੁਪਏ ਦੀ ਰਿਕਵਰੀ ਕੀਤੀ ਗਈ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਕੁੱਲ 107571 ਲਾਭਪਾਤਰੀਆਂ ਤੋਂ 41.22 ਕਰੋੜ ਰੁਪਏ ਰਿਕਵਰ ਕੀਤੇ ਗਏ ਜਿਨ੍ਹਾਂ ਵਿੱਚੋਂ ਅਮ੍ਰਿਤਸਰ ਜ਼ਿਲ੍ਹੇ 'ਚ 5375 ਲਾਭਪਾਤਰੀਆਂ ਤੋ 3.50 ਕਰੋੜ ਰੁਪਏ, ਬਰਨਾਲਾ ਵਿੱਚ 3402 ਲਾਭਪਾਤਰੀਆਂ ਤੋਂ 1.77 ਕਰੋੜ ਰੁਪਏ, ਬਠਿੰਡਾ ਵਿੱਚ 16099 ਲਾਭਪਾਤਰੀਆਂ ਤੋਂ 1.08 ਕਰੋੜ ਰੁਪਏ, ਫਰੀਦਕੋਟ 2546 ਲਾਭਪਾਤਰੀਆਂ ਤੋਂ 95.15ਲੱਖ ਰੁਪਏ, ਫਤਿਹਗੜ੍ਹ ਸਾਹਿਬ 3049 ਲਾਭਪਾਤਰੀਆਂ ਤੋਂ 61.38ਲੱਖ ਰੁਪਏ, ਫਿਰੋਜਪੁਰ ਵਿੱਚ 4018 ਲਾਭਪਾਤਰੀਆਂ ਤੋਂ 48.52 ਲੱਖ ਰੁਪਏ, ਫਾਜ਼ਿਲਕਾ ਵਿੱਚ 4965 ਲਾਭਪਾਤਰੀਆਂ ਤੋਂ 80.24 ਲੱਖ ਰੁਪਏ, ਗੁਰਦਾਸਪੁਰ ਵਿੱਚ 7738 ਲਾਭਪਾਤਰੀਆਂ ਤੋਂ 7.88 ਕਰੋੜ ਰੁਪਏ, ਹੁਸ਼ਿਆਰਪੁਰ 5838 ਲਾਭਪਾਤਰੀਆਂ ਤੋਂ 1.74 ਕਰੋੜ ਰੁਪਏ, ਜਲੰਧਰ ਵਿੱਚ 6404 ਲਾਭਪਾਤਰੀਆਂ ਤੋਂ 1.41 ਕਰੋੜ ਰੁਪਏ, ਕਪੂਰਥਲਾ ਵਿੱਚ 4034 ਲਾਭਪਾਤਰੀਆਂ ਤੋਂ 1.61 ਕਰੋੜ ਰੁਪਏ, ਲੁਧਿਆਣਾ 'ਚ 6993 ਲਾਭਪਾਤਰੀਆਂ ਤੋਂ 1.77 ਕਰੋੜ ਰੁਪਏ, ਮਾਨਸਾ 'ਚ 4329 ਲਾਭਪਾਤਰੀਆਂ ਤੋਂ 82.92 ਲੱਖ ਰੁਪਏ, ਮੋਗਾ 'ਚ 1721 ਲਾਭਪਾਤਰੀਆਂ ਤੋਂ 1.00 ਕਰੋੜ! ਰੁਪਏ, ਸ੍ਰੀ ਮੁਕਤਸਰ ਸਾਹਿਬ 'ਚ 5489 ਲਾਭਪਾਤਰੀਆਂ ਤੋਂ 78.85 ਲੱਖ ਰੁਪਏ, ਐਸ.ਬੀ.ਐਸ ਨਗਰ 'ਚ 4043 ਲਾਭਪਾਤਰੀਆਂ ਤੋਂ 63.33 ਲੱਖ ਰੁਪਏ, ਪਠਾਨਕੋਟ 'ਚ 1480 ਲਾਭਪਾਤਰੀਆਂ ਤੋਂ 2.75 ਕਰੋੜ ਰੁਪਏ, ਪਟਿਆਲਾ 'ਚ 7201 ਲਾਭਪਾਤਰੀਆਂ ਤੋਂ 2.78 ਕਰੋੜ ਰੁਪਏ, ਰੂਪਨਗਰ 'ਚ 2906 ਲਾਭਪਾਤਰੀਆਂ ਤੋਂ 37.98 ਲੱਖ ਰੁਪਏ, ਸੰਗਰੂਰ 'ਚ 5211 ਲਾਭਪਾਤਰੀਆਂ ਤੋਂ 6.89 ਕਰੋੜ ਰੁਪਏ, ਐਸ.ਏ.ਐਸ ਨਗਰ 'ਚ 2355 ਲਾਭਪਾਤਰੀਆਂ ਤੋਂ 21.11 ਲੱਖ ਰੁਪਏ, ਤਰਨਤਾਰਨ 'ਚ 2375 ਲਾਭਪਾਤਰੀਆਂ ਤੋਂ 1.27 ਕਰੋੜ ਰੁਪਏ ਦੀ ਰਿਕਵਰੀ ਸ਼ਾਮਿਲ ਹੈ।

ਇਸ ਤੋਂ ਇਲਾਵਾ ਮੰਤਰੀ ਨੇ ਅੱਗੇ ਦੱਸਿਆ ਕਿ ਸਟੇਟ ਪੈਨਸ਼ਨ ਸਕੀਮ ਅਧੀਨ ਇਸੇ ਤਰ੍ਹਾਂ ਚਾਲੂ ਵਿੱਤੀ ਸਾਲ 2024-25 ਦੇ ਅਪ੍ਰੈਲ ਮਹੀਨੇ ਦੌਰਾਨ 3797 ਲਾਭਪਾਤਰੀ ਅਯੋਗ ਪਾਏ ਗਏ ਹਨ ਅਤੇ ਉਨ੍ਹਾਂ ਤੋਂ 3.12 ਕਰੋੜ ਰੁਪਏ ਦੀ ਰਿਕਵਰੀ ਕੀਤੀ ਗਈ ਹੈ। ਇਸ ਤਰ੍ਹਾਂ ਸਟੇਟ ਪੈਨਸ਼ਨ ਸਕੀਮ ਅਧੀਨ ਕੁੱਲ 44.34 ਕਰੋੜ ਦੀ ਰਿਕਵਰੀ ਕੀਤੀ ਗਈ ਹੈ।

ਮੰਤਰੀ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬਜੁਰਗਾਂ, ਵਿਧਵਾਵਾਂ, ਆਸ਼ਰਿਤ ਬੱਚਿਆਂ ਅਤੇ ਦਿਵਿਆਂਗਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੀ ਅਦਾਇਗੀ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਸਟੇਟ ਪੈਨਸ਼ਨ ਸਕੀਮ ਅਧੀਨ ਵਿੱਤੀ ਸਾਲ 2024-25 ਲਈ ਸੂਬਾ ਸਰਕਾਰ ਵੱਲੋਂ 5924.50 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਹੀਨਾ ਮਈ 2024 ਤੱਕ 1501.17 ਕਰੋੜ ਰੁਪਏ ਦੀ ਰਾਸ਼ੀ ਲਾਭਪਾਤਰੀਆਂ ਦੀ ਪੈਨਸ਼ਨ ਲਈ ਸਰਕਾਰ ਵੱਲੋਂ ਖਰਚੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੈਨਸ਼ਨ ਸਕੀਮਾਂ ਲਈ ਮਹੀਨਾਵਾਰ ਖਰਚਾ 502 ਕਰੋੜ ਦੇ ਲੱਗਭੱਗ ਹੁੰਦਾ ਹੈ।



ਮੰਤਰੀ ਨੇ ਦੱਸਿਆ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਜਲਦੀ ਹੀ ਪੈਨਸ਼ਨ ਦਾ ਲਾਭ ਲੈ ਰਹੇ ਲਾਭਪਾਤਰੀਆਂ ਦੀ ਪੜਤਾਲ ਦਾ ਕੰਮ ਮੁੜ ਸ਼ੁਰੂ ਕਰਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨਾਗਰਿਕਾਂ ਨੂੰ ਸਾਫ ਸੁਥਰਾ ਪ੍ਰਸ਼ਾਸ਼ਨ ਮੁਹੱਈਆ ਕਰਵਾਉਣ ਲਈ ਪੂਰੀ ਇਮਾਨਦਾਰੀ ਨਾਲ ਲਗਾਤਾਰ ਕੰਮ ਕਰ ਰਹੀ ਹੈ।

# ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ: ਅਜੇ ਗੁਪਤਾ ਨੇ ਲੋਕਲ ਬਾਡੀ ਵਿਭਾਗ ਦੇ ਵਿਸ਼ੇਸ਼ ਸਕੱਤਰ ਅਜੋਏ ਸ਼ਰਮਾ ਨਾਲ ਮੁਲਾਕਾਤ ਕੀਤੀ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ: ਅਜੇ ਗੁਪਤਾ ਨੇ ਅੱਜ ਸਥਾਨਕ ਸਰਕਾਰਾਂ ਵਿਭਾਗ ਦੇ ਵਿਸ਼ੇਸ਼ ਸਕੱਤਰ ਅਜੋਏ ਸ਼ਰਮਾ ਨਾਲ ਉਨ੍ਹਾਂ ਦੇ ਦਫ਼ਤਰ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ। ਵਿਧਾਇਕ ਡਾ: ਗੁਪਤਾ ਨੇ ਉਨ੍ਹਾਂ ਨੂੰ ਕੇਂਦਰੀ ਵਿਧਾਨ ਸਭਾ ਹਲਕੇ ਦੀਆਂ ਲੋਕਲ ਬਾਡੀ ਵਿਭਾਗ ਵੱਲੋਂ ਪੇਸ਼ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਵਿਧਾਇਕ ਡਾ: ਗੁਪਤਾ ਨੇ ਕਿਹਾ ਕਿ ਪੀ.ਐਮ.ਆਈ.ਡੀ.ਸੀ. ਵੱਲੋਂ ਨਗਰ ਨਿਗਮ ਨੂੰ ਵਿਕਾਸ ਕਾਰਜਾਂ ਲਈ ਬਕਾਇਆ ਫੰਡ ਜਾਰੀ ਨਹੀਂ ਕੀਤਾ ਜਾ ਰਿਹਾ। ਜਿਸ ਕਾਰਨ ਠੇਕੇਦਾਰਾਂ ਨੂੰ ਅਦਾਇਗੀ ਨਾ ਹੋਣ ਕਾਰਨ ਵਿਕਾਸ ਕਾਰਜ ਫਿਲਹਾਲ ਠੱਪ ਪਏ ਹਨ। ਇਹ ਫੰਡ ਫੌਧਛ ਤੋਂ ਜਲਦੀ ਤੋਂ ਜਲਦੀ ਜਾਰੀ ਕੀਤੇ ਜਾਣੇ ਚਾਹੀਦੇ ਹਨ।

ਵਿਧਾਇਕ ਡਾ: ਗੁਪਤਾ ਨੇ ਵਿਸ਼ੇਸ਼ ਸਕੱਤਰ ਨੂੰ ਕਿਹਾ ਕਿ ਉਹ ਆਉਂਦੇ ਦਿਨਾਂ ਵਿੱਚ ਨਗਰ ਨਿਗਮ ਨੂੰ ਬਕਾਇਆ ਫੰਡ ਜਾਰੀ ਕਰ ਦੇਣ। ਜਿਸ 'ਤੇ ਅਜੋਏ ਸ਼ਰਮਾ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਫੰਡ ਜਾਰੀ ਕੀਤੇ ਜਾ ਰਹੇ ਹਨ।



ਵਿਧਾਇਕ ਡਾ: ਅਜੇ ਗੁਪਤਾ ਨੇ ਵਿਸ਼ੇਸ਼ ਸਕੱਤਰ ਅਜੋਏ ਸ਼ਰਮਾ ਨਾਲ ਗੁਰੂ ਨਗਰੀ ਦੀ ਸਫ਼ਾਈ ਵਿਵਸਥਾ ਸਬੰਧੀ ਵਿਸਥਾਰਪੂਰਵਕ ਗੱਲਬਾਤ ਕੀਤੀ । ਵਿਧਾਇਕ ਡਾ: ਗੁਪਤਾ ਨੇ ਕਿਹਾ ਕਿ ਘਰ-ਘਰ ਕੂੜਾ ਚੁੱਕਣ ਵਾਲੀ ਕੰਪਨੀ ਸਹੀ ਢੰਗ ਨਾਲ ਕੰਮ ਨਹੀਂ ਕਰ ਰਹੀ। ਇਸ ਦੇ ਨਾਲ ਹੀ ਵਿਸ਼ੇਸ਼ ਤੌਰ 'ਤੇ ਚਾਰਦੀਵਾਰੀ ਸ਼ਹਿਰ ਵਿੱਚ ਸੀਵਰੇਜ ਸਿਸਟਮ ਨੂੰ ਲੈ ਕੇ ਦਰਪੇਸ਼ ਮੁਸ਼ਕਿਲਾਂ ਦਾ ਜ਼ਿਕਰ ਕੀਤਾ ਗਿਆ। ਵਿਸ਼ੇਸ਼ ਸਕੱਤਰ ਅਜੋਏ ਸ਼ਰਮਾ ਨੇ ਦੱਸਿਆ ਕਿ ਇਸ ਸਬੰਧੀ ਨਗਰ ਨਿਗਮ ਕਮਿਸ਼ਨਰ ਹਰਪ੍ਰੀਤ ਸਿੰਘ ਨਾਲ ਪਹਿਲਾਂ ਹੀ ਗੱਲਬਾਤ ਹੋ ਚੁੱਕੀ ਹੈ। ਗੁਰੂ ਨਗਰੀ ਅੰਮ੍ਰਿਤਸਰ ਲਈ ਸਫਾਈ ਅਤੇ ਸੀਵਰੇਜ ਸਿਸਟਮ ਨੂੰ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਚੰਗੇ ਨਤੀਜੇ ਦੇਖਣ ਨੂੰ ਮਿਲਣਗੇ। ਵਿਧਾਇਕ ਡਾ: ਅਜੈ ਗੁਪਤਾ ਨੇ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੀਆਂ ਚਾਰ ਸੜਕਾਂ ਦੇ ਸੁਧਾਰ ਦੇ ਪ੍ਰਾਜੈਕਟ ਬਾਰੇ ਵੀ ਅਜੋਏ ਸ਼ਰਮਾ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਟੈਂਡਰਿੰਗ ਪ੍ਰਕਿਰਿਆ ਮੁਕੰਮਲ ਕਰਕੇ ਸ਼ੁਰੂ ਕੀਤਾ ਜਾਵੇ। ਵਿਸ਼ੇਸ਼ ਸਕੱਤਰ ਅਜੋਏ ਸ਼ਰਮਾ ਨੇ ਕਿਹਾ ਕਿ ਉਹ ਇਸ ਪ੍ਰੋਜੈਕਟ ਬਾਰੇ ਪਹਿਲਾਂ ਹੀ ਦੇਖ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਪ੍ਰੋਜੈਕਟ ਨੂੰ ਸ਼ੁਰੂ ਕਰਵਾ ਦਿੱਤਾ ਜਾਵੇਗਾ।

# ਗੁਰਪਤਵੰਤ ਪੰਨੂ ਮਾਮਲਾ : ਅਮਰੀਕਾ ਵੱਲੋਂ ਜਾਂਚ ਬਾਰੇ ਅਪਡੇਟ ਨੂੰ ਲੈ ਕੇ ਭਾਰਤ ’ਤੇ ਪਾਇਆ ਜਾ ਰਿਹੈ ਦਬਾਅ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਬਾਇਡਨ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਸਿੱਖ ਵੱਖਵਾਦੀ ਗੁਰਪਤਵੰਤ ਸਿੰਘ ਪੰਨੂ ਦੇ ਕਥਿਤ ਕਤਲ ਦੀ ਨਾਕਾਮ ਸਾਜ਼ਿਸ਼ ਦੀ ਭਾਰਤੀ ਏਜੰਸੀਆਂ ਵੱਲੋਂ ਕੀਤੀ ਜਾ ਰਹੀ ਜਾਂਚ ਬਾਰੇ ਕਿਸੇ ਤਰ੍ਹਾਂ ਦੇ ਅਪਡੇਟ ਨੂੰ ਲੈ ਕੇ ਅਮਰੀਕਾ ਵੱਲੋਂ ਭਾਰਤ ‘ਤੇ ਲਗਾਤਾਰ ਦਬਾਅ ਪਾਇਆ ਜਾ ਰਿਹਾ ਹੈ। ਅਮਰੀਕੀ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਭਾਰਤ ਨੂੰ ਸਾਫ਼ ਕਰ ਦਿੱਤਾ ਹੈ ਕਿ ਉਹ ਇਸ ਕੇਸ ਵਿਚ ਜਵਾਬਦੇਹੀ ਚਾਹੁੰਦੇ ਹਨ।

ਅਮਰੀਕਾ ਦੇ ਉਪ ਵਿਦੇਸ਼ ਮੰਤਰੀ ਕਰਟ ਕੈਂਪਬੈੱਲ ਨੇ ਕਿਹਾ ਕਿ ਅਮਰੀਕਾ ਨੇ ਇਸ ਮਾਮਲੇ ਵਿਚ ਭਾਰਤ ਸਰਕਾਰ ਦੇ ਸਿਖਰਲੇ ਅਧਿਕਾਰੀਆਂ ਨਾਲ ਸਿੱਧਾ ਰਾਬਤਾ ਕੀਤਾ ਹੈ। ਕੈਂਪਬੈੱਲ ਨੇ ਵਰਚੁਅਲ ਮੀਡੀਆ ਬ੍ਰੀਫਿੰਗ ਦੌਰਾਨ ਉਪਰੋਕਤ ਟਿੱਪਣੀਆਂ ਕੀਤੀਆਂ। ਕੈਂਪਬੈੱਲ ਤੇ ਅਮਰੀਕਾ ਦੇ ਕੌਮੀ ਸੁਰੱਖਿਆ ਸਲਾਹਕਾਰ ਜੇਕ ਸੁਲੀਵਾਨ ਪਿਛਲੇ ਹਫ਼ਤੇ ਭਾਰਤ ਦੌਰੇ ‘ਤੇ ਆਏ ਸਨ।

ਉਨ੍ਹਾਂ ਕਿਹਾ, ”ਸਾਡੀ ਇਸ ਮੁੱਦੇ ‘ਤੇ ਭਾਰਤ ਨਾਲ ਉਸਾਰੂ ਗੱਲਬਾਤ ਹੋਈ ਸੀ ਤੇ ਮੈਂ ਕਹਾਂਗਾ ਕਿ ਉਹ ਸਾਡੇ ਫ਼ਿਕਰਾਂ ਨੂੰ ਲੈ ਕੇ ਸੰਵੇਦਨਸ਼ੀਲ ਸਨ।” ਸੀਨੀਅਰ ਅਧਿਕਾਰੀ ਨੇ ਕਿਹਾ, ”ਅਸੀਂ ਸਾਫ਼ ਕਰ ਦਿੱਤਾ ਹੈ ਕਿ ਅਸੀਂ ਭਾਰਤ ਸਰਕਾਰ ਕੋਲੋਂ ਜਵਾਬਦੇਹੀ ਚਾਹੁੰਦੇ ਹਾਂ ਤੇ ਅਸੀਂ ਭਾਰਤ ਵੱਲੋਂ ਕੀਤੀ ਜਾ ਰਹੀ ਜਾਂਚ ਸਬੰਧੀ ਅਪਡੇਟ ਮੰਗੀ ਹੈ। ਅਸੀਂ ਇਸ ਮੁੱਦੇ ਨੂੰ ਲੈ ਕੇ ਭਾਰਤ ਸਰਕਾਰ ਨਾਲ ਸਿਖਰਲੇ ਪੱਧਰ ‘ਤੇ ਸਿੱਧਾ ਰਾਬਤਾ ਕੀਤਾ ਹੈ।” ਅਮਰੀਕੀ ਸੰਘੀ ਵਕੀਲਾਂ ਨੇ ਪਿਛਲੇ ਸਾਲ ਨਵੰਬਰ ਵਿਚ ਦੋਸ਼ ਲਾਇਆ ਸੀ ਕਿ ਭਾਰਤੀ ਨਾਗਰਿਕ ਨਿਖਿਲ ਗੁਪਤਾ ਭਾਰਤ ਸਰਕਾਰ ਦੇ ਇਕ ਮੁਲਾਜ਼ਮ ਨਾਲ ਮਿਲ ਕੇ ਪੰਨੂ ਨੂੰ ਨਿਊਯਾਰਕ ਵਿਚ ਕਤਲ ਕਰਨ ਦੀ ਨਾਕਾਮ ਸਾਜ਼ਿਸ਼ ਵਿਚ ਸ਼ਾਮਲ ਸੀ। ਪੰਨੂ, ਜੋ ਅੱਤਵਾਦ ਦੇ ਦੋਸ਼ਾਂ ਨੂੰ ਲੈ ਕੇ ਭਾਰਤ ਵਿਚ ਲੋੜੀਂਦਾ ਹੈ, ਕੋਲ ਅਮਰੀਕਾ ਤੇ ਕੈਨੇਡਾ ਦੀ ਦੋਹਰੀ ਨਾਗਰਿਕਤਾ ਹੈ। ਗੁਪਤਾ, ਜਿਸ ਨੂੰ ਪਿਛਲੇ ਸਾਲ ਚੈੱਕ ਗਣਰਾਜ ਵਿਚ ਗ੍ਰਿਫ਼ਤਾਰ ਕੀਤਾ ਗਿਆ ਸੀ, ਨੂੰ 14 ਜੂਨ ਨੂੰ ਅਮਰੀਕਾ ਦੇ ਹਵਾਲੇ ਕਰ ਦਿੱਤਾ ਗਿਆ ਸੀ। ਅਮਰੀਕਾ ਵੱਲੋਂ ਲਾਏ ਉਪਰੋਕਤ ਦੋਸ਼ਾਂ ਮਗਰੋਂ ਭਾਰਤ ਨੇ ਇਸ ਪੂਰੇ ਮਾਮਲੇ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਬਣਾਈ ਸੀ।



# ਨੈਸ਼ਨਲ ਫੂਡ ਸਕਿਓਰਟੀ ਐਕਟ-2013 ਅਧੀਨ ਸਕੀਮਾਂ ਸਬੰਧੀ 98767-64545 ’ਤੇ ਸ਼ਿਕਾਇਤ ਕਰ ਸਕਦੇ ਹਨ ਲਾਭਪਾਤਰੀ- ਚੇਤਨ ਪ੍ਰਕਾਸ਼

**ਮਾਨਸਾ ਸਾਂਝੀ ਸੋਚ ਬਿਊਰੋ**

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਜ਼ਿਲ੍ਹਾ ਮਾਨਸਾ ਦਾ ਅਚਨਚੇਤ ਦੌਰਾ ਕਰਦਿਆਂ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਇਸ ਮੌਕੇ ਰਾਸ਼ਨ ਡਿਪੂਆ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਰਾਸ਼ਨ ਡਿਪੂ ਪਿੰਡ ਰੱਲਾ ਵਿਖੇ ਹੋ ਰਹੀ ਕਣਕ ਦੀ ਵੰਡ ਦੇ ਕੰਮ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਪਿੰਡ ਵਿਖੇ ਪੰਜ ਰਾਸ਼ਨ ਦੇ ਡਿਪੂਆਂ ਦੀ ਚੈਕਿੰਗ ਕੀਤੀ ਗਈ। ਰਾਸ਼ਨ ਡਿਪੂ ਜਗਦੀਸ਼ ਰਾਏ ਪੀਡੀਐਸ ਨੰ 55, ਮੇਵਾ ਸਿੰਘ ਪੀਡੀਐਸ ਨੰ. 492, ਵਿਨੋਦ ਕੁਮਾਰ 343 ਵੱਲੋਂ ਦੱਸਿਆ ਗਿਆ ਕਿ ਲਾਭਪਾਤਰੀਆਂ ਦੀ ਕਣਕ ਦੀਆਂ ਪਰਚੀਆਂ ਕੱਟ ਦਿੱਤੀਆਂ ਗਈਆਂ ਹਨ ਪ੍ਰੰਤੂ ਕਣਕ ਦੇ ਵੰਡ ਦੇ ਕੰਮ ਦੀ ਸ਼ੁਰੂਆਤ ਨਹੀ ਕੀਤੀ ਗਈ ਸੀ।

ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਡਿਪੂ ਹੋਲਡਰਾਂ ਅਤੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਨੂੰ ਹਦਾਇਤ ਕੀਤੀ ਗਈ ਕਿ ਲਾਭਪਾਤਰੀਆਂ ਨੂੰ ਜਲਦ ਤੋਂ ਜਲਦ ਕਣਕ ਦੀ ਵੰਡ ਕਰ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਪਿੰਡ ਵਿਖੇ ਰਾਸ਼ਨ ਡਿਪੂ ਜੀਵਨ ਸਿੰਘ 660059 ਬੰਦ ਪਾਇਆ ਗਿਆ ਅਤੇ ਇਸ ਡਿਪੂ ’ਤੇ ਸ਼ਿਕਾਇਤ ਬਾਕਸ ਅਤੇ ਜਾਗਰੂਕਤਾ ਬੈਨਰ ਵੀ ਮੌਜੂਦ ਨਹੀ ਸੀ, ਜਿਸ ਸਬੰਧੀ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੀ ਹਦਾਇਤੀ ਕੀਤੀ ਗਈ।



ਇਸ ਉਪਰੰਤ ਡਿਪੂ ਹੋਲਡਰ ਗੁਰਮੇਲ ਦਾਸ ਪੀਡੀਐਸ ਨੰ. 647 ਵਿਖੇ ਕਣਕ ਦੀ ਵੰਡ ਦੇ ਕੰਮ ਦਾ ਨਿਰੀਖਣ ਕੀਤਾ ਗਿਆ। ਚੈਕਿੰਗ ਦੌਰਾਨ ਡਿਪੂ ’ਤੇ ਸ਼ਿਕਾਇਤ ਬਾਕਸ ਅਤੇ ਬੈਨਰ ਮੌਜੂਦ ਤਾਂ ਸਨ, ਪ੍ਰੰਤੂ ਡਿਪੂ ਤੇ ਡਿਸਪਲੇਅ ਨਹੀ ਕੀਤੇ ਹੋਏ ਸਨ, ਜਿਸ ਸਬੰਧੀ ਜਲਦ ਤੋਂ ਜਲਦ ਬੈਨਰ ਲਗਾਉਣ ਅਤੇ ਭਵਿੱਖ ਵਿੱਚ ਬੈਨਰ ਅਤੇ ਸ਼ਿਕਾਇਤ ਬਾਕਸ ਨਾ ਲਗਾਏ ਜਾਣ ’ਤੇ ਕਾਰਵਾਈ ਕਰਨ ਦੀ ਹਦਾਇਤ ਡਿਪੂ ਹੋਲਡਰ ਨੂੰ ਕੀਤੀ ਗਈ।

ਉਨ੍ਹਾਂ ਮੌਕੇ ’ਤੇ ਮੌਜੂਦ ਲਾਭਪਾਤਰੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆ ਸਕੀਮਾਂ ਸਬੰਧੀ ਸ਼ਿਕਾਇਤ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕੋਲ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਹੈਲਪਲਾਈਨ ਨੰਬਰ 98767-64545 ਜਾਂ ਕਮਿਸ਼ਨ ਦੀ ਵੈਬਸਾਈਟ ’ਤੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਸਰਕਾਰ ਦੀ ਆਰ ਬੀ ਐੱਸ ਕੇ ਯੋਜਨਾ ਤਹਿਤ ਵਿਦਿਆਰਥਣ ਦੇ ਦਿਲ ਦੇ ਛੇਕ ਦਾ ਮੁਫ਼ਤ ਆਪਰੇਸ਼ਨ ਕਰਵਾਇਆ ਗਿਆ

ਖੇਮਕਰਨ
ਮਨਜੀਤ ਸ਼ਰਮਾ



ਸਿਹਤ ਵਿਭਾਗ ਦੇ ਸਿਵਲ ਸਰਜਨ ਡਾ: ਭਾਰਤ ਭੂਸ਼ਨ,ਅਤੇ ਡੀ.ਆਈ.ਓ.ਕਮ ਸਕੂਲ ਹੈਲਥ ਨੋਡਲ ਅਫ਼ਸਰ ਡਾ: ਵਰਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ: ਸਰਬਜੀਤ ਸਿੰਘ ਐਸ.ਐਮ.ਓ ਖੇਮਕਰਨ ਦੀ ਅਗਵਾਈ ਹੇਠ

ਸਰਕਾਰ ਵੱਲੋਂ ਚਲਾਈ ਜਾ ਰਹੀ ਆਰ.ਬੀ.ਐਸ,ਕੇ.ਯੋਜਨਾ ਦੇ ਅਧੀਨ ਵਲਟੋਹਾ ਦੇ ਸਰਕਾਰੀ ਸਕੂਲ ਵਿੱਚ ਪੜ੍ਹਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਦੇ ਦਿਲ ਵਿੱਚ ਛੇਕ ਦਾ ਇਸ ਸਰਕਾਰੀ ਯੋਜਨਾ ਤਹਿਤ ਸਰਕਾਰੀ ਹਸਪਤਾਲ ਵਿੱਚਮੁਫ਼ਤ ਆਪ੍ਰੇਸ਼ਨ ਕਰਵਾਇਆ ਗਿਆ ਹੈ।

ਇਸ ਸਬੰਧੀ ਮੋਬਾਈਲ ਹੈਲਥ ਟੀਮ ਦੇ ਅਤੇ ਫਾਰਮੇਸੀ ਅਧਿਕਾਰੀ ਅੰਸ਼ੁਲ ਆਰੀਆ ਨੇ ਦੱਸਿਆ ਕਿ ਇਸ ਸਕੀਮ ਤਹਿਤ ਵਿਦਿਆਰਥਣ ਦੇ ਦਿਲ ਦਾਸਰਕਾਰ ਵੱਲੋਂ ਚਲਾਈ ਹੋਈ ਆਰ ਬੀ ਐਸ ਕੇ ਸਕੀਮ ਅਧੀਨ ਮੁਫ਼ਤ ਆਪਰੇਸ਼ਨ ਕਰਵਾਇਆ ਗਿਆ ਹੈ।

ਸਰਕਾਰ ਵੱਲੋਂ ਚਲਾਈ ਗਈ ਇਸ ਸਕੀਮ ਅਧੀਨ ਪਹਿਲਾਂ ਵੀ ਆਂਗਣਵਾੜੀ 'ਚ ਆਉਣ ਵਾਲੇ ਸੈਂਕੜੇ ਵਿਦਿਆਰਥੀਆਂ ਦਾ ਮੈਡੀਕਲ ਚੈੱਕਅਪ ਕਰਵਾਕੇ ਸਫਲ ਇਲਾਜ਼ ਕਰਵਾਇਆ ਗਿਆ ਹੈ ਤੇ ਹੁਣ ਵੀ ਸਕੀਮ ਅਧੀਨ ਇਸ ਲੜਕੀ ਦੇ ਦਿਲ ਵਿੱਚ ਛੇਕ ਦਾ ਮੁਫਤ ਅਪ੍ਰੇਸ਼ਨ ਕਰਵਾਇਆ ਗਿਆ ਹੈ ਜੋ ਸਫ਼ਲ ਹੋਇਆ ਹੈ।

ਸਮੇਂ ਸਮੇਂ ਤੇ ਉਹਨਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਦਾ ਮੈਡੀਕਲ ਚੈਕਅੱਪ ਕਰਕੇ ਜ਼ਰੂਰਤ ਹੋਣ ਤੇ ਦਵਾਈਆਂ ਦਿੱਤੀਆਂ ਜਾਂਦੀਆਂ ਹਨ ਅਤੇ ਇਲਾਜ਼ ਵੀ ਕਰਵਾਇਆ ਜਾਂਦਾ ਹੈ। ਇਸ ਮੌਕੇ ਮੈਡਮ ਰਜਨੀ ਹੈਲਥ ਕੋਆਰਡੀਨੇਟਰ ਤਰਨਤਾਰਨ, ਹਰਜੀਤ ਸਿੰਘ ਬਲਾਕ ਐਜੂਕੇਟਰ ਅਤੇ ਹੋਰ ਸਟਾਫ ਹਾਜ਼ਰ ਸੀ।

# ਗੁਰਦੁਆਰਾ ਗੁਰਪੁਰੀ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ 1 ਜੁਲਾਈ ਨੂੰ

ਤਰਨ ਤਾਰਨ
ਰਕੇਸ਼ ਨਈਅਰ



ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ,ਸੰਤ ਬਾਬਾ ਚਰਨ ਸਿੰਘ ਜੀ ਸਰਹਾਲੀ ਸਾਹਿਬ ਵਲੋਂ ਛੇਵੇਂ ਪਾਤਿਸ਼ਾਹ ਸਾਹਿਬ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਸਾਹਿਬ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 1 ਜੁਲਾਈ ਦਿਨ ਸੋਮਵਾਰ ਨੂੰ ਗੁਰਦੁਆਰਾ ਗੁਰਪੁਰੀ ਸਾਹਿਬ ਨਗਰ ਸੁਹਾਵਾ (ਤਰਨਤਾਰਨ) ਵਿਖੇ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਤੀਸਰੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਨੇ ਦੱਸਿਆ ਕਿ 1 ਜੁਲਾਈ ਨੂੰ ਸਵੇਰੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਮਹਾਨ ਗੁਰਮਤਿ ਸਮਾਗਮ ਵਿੱਚ ਪੰਥ ਪ੍ਰਸਿੱਧ ਕਥਾਵਾਚਕ ਅਤੇ ਰਾਗੀ ਜਥੇ ਹਾਜ਼ਰੀ ਭਰਨ ਆਈਆਂ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਨਗੇ। ਉਨ੍ਹਾਂ ਨੇ ਗੁਰੂ ਘਰ ਨਾਲ ਪਿਆਰ ਕਰਨ ਵਾਲੀ ਇਲਾਕੇ ਭਰ ਦੀ ਸੰਗਤ ਨੂੰ ਪਰਿਵਾਰਾਂ ਸਮੇਤ ਇਸ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਹੈ।ਇਸ ਮੌਕੇ ਗੁਰੂ ਘਰ ਦੇ ਅਟੁੱਟ ਲੰਗਰ ਭੰਡਾਰੇ ਵਰਤਾਏ ਜਾਣਗੇ।

# ਐਸਸੀ/ਬੀਸੀ ਅਧਿਆਪਕ ਯੂਨੀਅਨ ਦੀ ਮੀਟਿੰਗ ਆਯੋਜਿਤ

ਮੁੱਲਾਂਪੁਰ
ਸਾਂਝੀ ਸੋਚ ਬਿਊਰੋ



ਅਨੁਸੂਚਿਤ ਅਤੇ ਪਛੜੀਆਂ ਸ਼੍ਰੇਣੀਆਂ ਨਾਲ ਸੰਬੰਧਿਤ ਅਧਿਆਪਕਾਂ ਦੀ ਜਥੇਬੰਦੀ ਐਸਸੀ/ਬੀਸੀ ਅਧਿਆਪਕ ਯੂਨੀਅਨ ਦੇ ਵੱਖ ਵੱਖ ਬਲਾਕਾਂ ਦੀ ਜਰੂਰੀ ਮੀਟਿੰਗ ਡਾਕਟਰ ਬੀ ਆਰ ਅੰਬੇਡਕਰ ਭਵਨ ਮੰਡੀ ਮੁੱਲਾਂਪੁਰ ਵਿਖੇ ਜਿਲਾ ਪ੍ਰਧਾਨ ਭੁਪਿੰਦਰ ਸਿੰਘ ਚੰਗਣਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਇਸ ਮੀਟਿੰਗ ਵਿੱਚ ਵੱਖ-ਵੱਖ ਬਲਾਕ ਪ੍ਰਧਾਨ ਅਧਿਆਪਕਾਂ ਅਤੇ ਜੁਝਾਰੂ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਅਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਹਿੱਤਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ । ਮੀਟਿੰਗ ਦੌਰਾਨ ਸਮੂਹ ਅਧਿਆਪਕਾਂ ਨੇ ਸਰਕਾਰ ਵੱਲੋਂ ਸਕੂਲਾਂ ਵਿੱਚ ਆਰਜੀ ਤੌਰ ਤੇ ਰੱਖੇ ਚੌਕੀਦਾਰਾਂ ਅਤੇ ਸਵੀਪਰਾਂ ਦੇ ਮਾਣਭੱਤੇ ਨੂੰ ਹਰ ਮਹੀਨੇ ਉਹਨਾਂ ਦੇ ਖਾਤਿਆਂ ਵਿੱਚ ਪਾਉਣ, ਲੈਕਚਰਾਰਾਂ ਦੀਆਂ ਖਤਮ ਕੀਤੀਆਂ ਵਿਸ਼ਾਵਾਰ ਅਸਾਮੀਆਂ ਨੂੰ ਬਹਾਲ ਕਰਨ, ਪ੍ਰਿੰਸੀਪਲਾਂ, ਲੈਕਚਰਾਰਾਂ, ਮਾਸਟਰ ਕੇਡਰ ਅਤੇ ਪ੍ਰਾਇਮਰੀ ਕੇਡਰ ਦੀਆਂ ਤਰੱਕੀਆਂ ਬਤੌਰ ਸੀਐਚਟੀ ਜਲਦ ਕਰਨ ਆਦਿ ਮੰਗਾਂ ਬਾਰੇ ਗੱਲਬਾਤ ਕੀਤੀ।ਜ਼ਿਲ੍ਹਾ ਪ੍ਰਧਾਨ ਚੰਗਣਾਂ ਨੇ ਮੀਟਿੰਗ ਵਿੱਚ ਸ਼ਾਮਿਲ ਆਗੂਆਂ ਨੂੰ ਹਰ ਮਹੀਨੇ ਬਲਾਕ ਪੱਧਰੀ ਮੀਟਿੰਗ ਕਰਨ ,ਬੀਪੀਈਓਜ ਨੂੰ ਮੰਗ ਪੱਤਰ ਦੇਣ ਅਤੇ ਅਧਿਆਪਕਾਂ ਦੇ ਕੇਡਰ ਕੈਂਪ ਲਗਾਉਣ ਸਬੰਧੀ ਸੰਬੋਧਨ ਕੀਤਾ। ਇਸ ਮੌਕੇ ਤੇ ਜ਼ਿਲਾ ਕਮੇਟੀ ਮੈਂਬਰ ਮਾਸਟਰ ਰਣਜੀਤ ਸਿੰਘ ਹਠੂਰ, ਮਾਸਟਰ ਮਨੋਹਰ ਸਿੰਘ ਦਾਖਾ, ਅਤੇ ਵੱਖ ਵੱਖ ਬਲਾਕਾਂ ਤੋਂ ਹਰਭਿੰਦਰ ਸਿੰਘ ਮੁੱਲਾਂਪੁਰ, ਬਲਦੇਵ ਸਿੰਘ ਮੁੱਲਾਂਪੁਰ, ਬਲੌਰ ਸਿੰਘ ਮੰਡਿਆਣੀ, ਹਰਬੰਸ ਸਿੰਘ ਜੰਡੀ, ਅਸ਼ਵਨੀ ਕੁਮਾਰ, ਅੰਮ੍ਰਿਤ ਪਾਲ ਸਿੰਘ ਅਜਮੇਰ ਸਿੰਘ, ਮਾਸਟਰ ਮੇਜਰ ਸਿੰਘ ਅਤੇ ਹੋਰ ਅਧਿਆਪਕ ਹਾਜ਼ਰ ਸਨ।

# ਸ੍ਰੀ ਅਮਰਨਾਥ ਜੀ ਗੁਰਧਾਮ 'ਤੇ ਜਾਣ ਵਾਲੇ ਲੰਗਰ ਰਸਦ ਦੇ ਟਰੱਕ ਨੂੰ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕੀਤਾ ਰਵਾਨਾ

ਤਰਨ ਤਾਰਨ
ਰਕੇਸ਼ ਨਈਅਰ



ਓਮ ਸ੍ਰੀ ਨੀਲ ਕੰਠ ਮਹਾਂਦੇਵ ਮੰਡਲ ਸੁਸਾਇਟੀ ਵੱਲੋਂ ਤਿਆਰ ਕੀਤੇ ਲੰਗਰ ਦੀ ਰਸਦ ਦੇ ਟਰੱਕ ਨੂੰ ਤਰਨਤਾਰਨ ਤੋਂ ਹਰ ਸਾਲ ਦੀ ਤਰਾਂ ਸ੍ਰੀ ਅਮਰਨਾਥ ਜੀ ਗੁਰਧਾਮ ਲਈ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਆਪਣੀ ਟੀਮ ਨਾਲ ਪਹੁੰਚ ਕੇ ਰਵਾਨਾ ਕੀਤਾ ਗਿਆ ਅਤੇ ਨਾਰੀਅਲ ਦੀ ਰਸਮ ਅਦਾ ਕਰਕੇ ਪਰਮਾਤਮਾ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਵੀ ਕੀਤੀ ਗਈ।ਇਸ ਤੋਂ ਬਾਅਦ ਪ੍ਰਬੰਧਕ ਟੀਮ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਅਤੇ ਉਨਾਂ ਦੀ ਟੀਮ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਸੇਵਾ ਕਰਨਾ ਸਭ ਤੋਂ ਉੱਤਮ ਅਤੇ ਮਹਾਨ ਕਾਰਜ ਹੈ,ਇਸ ਲਈ ਉਹ ਸਿਰ ਝੁਕਾ ਕੇ ਸੇਵਾਦਾਰਾਂ ਦੀ ਸ਼ਰਧਾ ਭਾਵਨਾ ਨੂੰ ਸਜਦਾ ਕਰਦੇ ਹਨ।ਇਸ ਮੌਕੇ 'ਤੇ ਜ਼ਿਲ੍ਹਾ ਜਨਰਲ ਸਕੱਤਰ ਹਰਪ੍ਰੀਤ ਸਿੰਘ ਸਿੰਦਬਾਦ,ਜਨਰਲ ਸਕੱਤਰ ਸ਼ਿਵ ਕੁਮਾਰ ਸੋਨੀ,ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ,ਮੀਤ ਪ੍ਰਧਾਨ ਰਾਣਾ ਗੁਲਬੀਰ ਸਿੰਘ,ਤਰਨਤਾਰਨ ਮੰਡਲ ਪ੍ਰਧਾਨ ਪਵਨ ਕੁੰਦਰਾ, ਮੰਡਲ ਚੋਹਲਾ ਸਾਹਿਬ ਪ੍ਰਧਾਨ ਪਵਨ ਦੇਵਗਨ,ਮੰਡਲ ਪ੍ਰਧਾਨ ਗੌਰਵ ਦੇਵਗਨ,ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਯੁਵਾ ਮੋਰਚਾ ਜਨਰਲ ਸਕੱਤਰ ਅਮਨ ਅਰੋੜਾ,ਐਸਸੀ ਮੋਰਚਾ ਜਨਰਲ ਸਕੱਤਰ ਅਵਤਾਰ ਸਿੰਘ ਬੰਟੀ,ਪੱਟੀ ਕੋ-ਕਨਵੀਨਰ ਜਸਕਰਨ ਸਿੰਘ,ਮੰਡਲ ਯੁਵਾ ਪ੍ਰਧਾਨ ਜਵਾਹਰ ਨਈਅਰ,ਲਵਰਾਜ ਸਿੰਘ,ਵਿਸ਼ਾਲ ਕੁਮਾਰ,ਲੱਕੀ ਜੋਸ਼ੀ,ਮਨਦੀਪ ਸਿੰਘ ਬਾਠ ਅਤੇ ਹੋਰ ਪਾਰਟੀ ਆਗੂ ਸਾਹਿਬਾਨ ਮੌਜੂਦ ਸਨ।

**Matrimonial**

Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.

Contact- +1(510) 200-1772

ਕੰਨਿਆ ਦੀ ਲੋੜ

ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।

ਸੰਪਰਕ- +1(510) 200-1772

# ਅਗਾਮੀ ਚੋਣਾਂ ਲਈ ਪਿੰਡ ਘੜਕਾ ਵਿਖੇ ਭਾਜਪਾ ਵਰਕਰਾਂ ਨੂੰ ਕੀਤਾ ਗਿਆ ਲਾਮਬੰਦ

ਤਰਨ ਤਾਰਨ
ਰਕੇਸ਼ ਨਈਅਰ

ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡ ਘੜਕਾ ਵਿਖੇ ਭਾਰਤੀ ਜਨਤਾ ਪਾਰਟੀ ਦੇ ਜਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਸਰਕਲ ਚੋਹਲਾ ਸਾਹਿਬ ਦੇ ਪ੍ਰਧਾਨ ਪਵਨ ਦੇਵਗਨ ਦੀ ਪ੍ਰੇਰਨਾ ਸਦਕਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਦੀ ਇਕੱਤਰਤਾ ਹੋਈ।ਜਿਸ ਵਿੱਚ ਜੋਗਾ ਸਿੰਘ,ਬਲਵਿੰਦਰ ਸਿੰਘ,ਸਤਨਾਮ ਸਿੰਘ,ਸੁਖਦੇਵ ਸਿੰਘ,ਰਛਪਾਲ ਸਿੰਘ,ਬਲਦੇਵ ਸਿੰਘ,ਪ੍ਰਗਟ ਸਿੰਘ,ਸਰਬਜੀਤ ਸਿੰਘ,ਬੂਟਾ ਸਿੰਘ,ਸੁਖਵਿੰਦਰ ਸਿੰਘ,ਜਸਬੀਰ ਸਿੰਘ, ਹਰਪਾਲ ਸਿੰਘ,ਦਰਸ਼ਨ ਸਿੰਘ,ਸਤਨਾਮ ਸਿੰਘ, ਮਨਜੀਤ ਸਿੰਘ,ਸ਼ਿੰਦਰ ਸਿੰਘ,ਜੁਗਰਾਜ ਸਿੰਘ, ਕਾਰਜ ਸਿੰਘ,ਜਿੰਦਰ ਸਿੰਘ,ਗੁਰਮੀਤ ਸਿੰਘ ਆਦਿ ਸ਼ਾਮਲ ਹੋਏ।ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਅਗਾਮੀ ਚੋਣਾਂ ਸੰਬੰਧੀ ਪਾਰਟੀ ਵਰਕਰਾਂ ਦੀ ਲਾਮਬੰਦੀ ਕੀਤੀ।ਇਸ ਦੌਰਾਨ ਇਕੱਤਰ ਸਮੂੰਹ ਪਾਰਟੀ ਵਰਕਰਾਂ ਨੇ ਪਹੁੰਚੀ ਸਮੁੱਚੀ ਭਾਜਪਾ ਟੀਮ ਨੂੰ ਵਿਸਵਾਸ਼ ਦੁਆਇਆ ਕਿ ਉਹ ਪਹਿਲਾਂ ਨਾਲੋਂ ਵੀ ਵੱਧ ਮਿਹਨਤ ਕਰਕੇ ਪਿੰਡ ਘੜਕਾ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਹੋਰ ਮਜਬੂਤ ਕਰਨਗੇ ਅਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਘਰ-ਘਰ ਜਾਕੇ ਲੋਕਾਂ ਨੂੰ ਜਾਣੂ ਕਰਵਾਉਣਗੇ।ਇਸ ਮੌਕੇ ਹੋਏ ਇਕੱਠ ਨੂੰ ਆਪਣੇ ਸੰਬੋਧਨ ਦੌਰਾਨ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵਲੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਗਰੀਬ ਵਰਗ ਦੇ ਲੋਕਾਂ ਲਈ ਦਿੱਤੀਆਂ ਜਾਂਦੀਆਂ ਅਰਬਾਂ ਰੁਪਏ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕਿਹਾ ਕਿ ਗਰੀਬ ਅਤੇ ਲੋੜਵੰਦ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੀ ਭਾਰਤੀ ਜਨਤਾ ਪਾਰਟੀ ਦਾ ਮੁੱਖ ਮਕਸਦ ਹੈ ਤਾਂ ਹੀ ਲੋਕ ਭਾਰਤੀ ਜਨਤਾ ਪਾਰਟੀ ਤੋਂ ਖੁਸ਼ ਹਨ ਅਤੇ ਵਾਰ-ਵਾਰ ਕੇਂਦਰ ਦੀ ਸੱਤਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਸੌਂਪ ਰਹੇ ਹਨ।ਇਸ ਮੌਕੇ 'ਤੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਸਿੰਦਬਾਦ,ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ,ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਐਸਸੀ ਮੋਰਚਾ ਜਨਰਲ ਸਕੱਤਰ ਅਵਤਾਰ ਸਿੰਘ ਬੰਟੀ,ਯੁਵਾ ਮੋਰਚਾ ਮੰਡਲ ਪ੍ਰਧਾਨ ਜਸਕਰਨ ਨਈਅਰ,ਸਰਕਲ ਪ੍ਰਧਾਨ ਮੇਹਰ ਸਿੰਘ ਬਾਣੀਆ, ਅਸ਼ੀਸ਼ ਸਿੰਘ ਚੀਮਾ, ਸਾਬਕਾ ਸਰਪੰਚ ਨੱਥਾ ਸਿੰਘ ਮਾਣੋਚਾਹਲ ਆਗੂ ਵੀ ਮੌਜੂਦ ਸਨ।

Gillson
TRUCKING INC




# NOW Hiring
# Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision




## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205

925-400-9094 | ext.116, ext.130 and ext.144

info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# ਸ਼ੀਤਲ ਅੰਗੂਰਾਲ ਨੇ ਜਲੰਧਰ ਦੇ ਲੋਕਾਂ ਤੋਂ ਵਿਕਾਸ ਦਾ ਹੱਕ ਖੋਹਿਆ, ਉਹ ਇੱਕ ਗ਼ੱਦਾਰ ਹੈ: ਆਪ

**ਜਲੰਧਰ**
**ਸਾਂਝੀ ਸੋਚ ਬਿਊਰੋ**

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ 'ਤੇ ਜਲੰਧਰ ਪੱਛਮੀ ਦੇ ਲੋਕਾਂ ਨਾਲ ਧੋਖਾ ਕਰਨ, ਉਨ੍ਹਾਂ ਦੇ ਫ਼ਤਵੇ ਦਾ ਨਿਰਾਦਰ ਕਰਨ ਅਤੇ ਲੋਕਾਂ ਦੀ ਭਲਾਈ ਤੋਂ ਉੱਪਰ ਆਪਣੇ ਸਵਾਰਥੀ ਗੈਰ-ਕਾਨੂੰਨੀ ਕੰਮਾਂ ਨੂੰ ਪਹਿਲ ਦੇਣ ਲਈ ਤਿੱਖਾ ਹਮਲਾ ਕੀਤਾ ਹੈ। 'ਆਪ' ਮੰਤਰੀ ਅਮਨ ਅਰੋੜਾ ਨੇ ਵੀਰਵਾਰ ਨੂੰ ਜਲੰਧਰ 'ਚ ਇਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਸ਼ੀਤਲ ਅੰਗੁਰਾਲ ਨੂੰ ਪੰਜ ਸਵਾਲ ਪੁੱਛੇ ਅਤੇ ਕਿਹਾ ਕਿ ਉਨ੍ਹਾਂ ਨੂੰ ਇਨ੍ਹਾਂ ਸਵਾਲਾਂ ਦੇ ਜਵਾਬ ਜਲੰਧਰ ਪੱਛਮੀ ਦੇ ਲੋਕਾਂ ਨੂੰ ਦੇਣੇ ਚਾਹੀਦੇ ਹਨ। ਅਮਨ ਅਰੋੜਾ ਦੇ ਨਾਲ 'ਆਪ' ਦੇ ਜਲੰਧਰ ਲੋਕ ਸਭਾ ਉਮੀਦਵਾਰ ਪਵਨ ਕੁਮਾਰ ਟੀਨੂੰ ਅਤੇ ਲਹਿਰਾ ਤੋਂ ਵਿਧਾਇਕ ਬਰਿੰਦਰ ਗੋਇਲ ਵੀ ਮੌਜੂਦ ਸਨ। 'ਆਪ' ਆਗੂ ਨੇ ਕਿਹਾ ਕਿ ਸ਼ੀਤਲ ਅੰਗੁਰਾਲ ਨੇ ਆਪਣੇ ਸਵਾਰਥ ਲਈ ਇਹ ਜ਼ਿਮਨੀ ਚੋਣ ਜਲੰਧਰ ਦੇ ਲੋਕਾਂ 'ਤੇ ਥੋਪ ਦਿੱਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਹੁਣ ਜਲੰਧਰ ਦੇ ਲੋਕ ਇਸ ਵਾਰੀ ਉਨ੍ਹਾਂ ਨੂੰ ਸਬਕ ਸਿਖਾਉਣਗੇ। ਅਰੋੜਾ ਨੇ ਕਿਹਾ ਕਿ ਸ਼ੀਤਲ ਅੰਗੁਰਾਲ ਨੇ ਆਪਣੇ ਹਲਕੇ ਦੇ ਲੋਕਾਂ ਅਤੇ ਉਨ੍ਹਾਂ ਦੇ ਫ਼ਤਵੇ ਤੋਂ ਵੱਧ ਕੇ ਤਾਨਾਸ਼ਾਹੀ ਪਾਰਟੀ ਭਾਜਪਾ ਨੂੰ ਚੁਣਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਾਡੇ ਸੰਵਿਧਾਨ ਅਤੇ ਸਾਡੇ ਲੋਕਤੰਤਰ ਨੂੰ ਤਬਾਹ ਕਰਨ ਦਾ ਕੰਮ ਕਰ ਰਹੀ ਹੈ ਅਤੇ ਸ਼ੀਤਲ ਅੰਗੁਰਾਲ ਵਰਗੇ ਲੋਕ ਅਜਿਹਾ ਕਰਨ ਵਿੱਚ ਉਨ੍ਹਾਂ ਦੀ ਮਦਦ ਕਰ ਰਹੇ ਹਨ। 'ਆਪ' ਆਗੂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਅਜਿਹੇ ਲੋਕਾਂ ਅਤੇ ਪਾਰਟੀਆਂ ਵਿਰੁੱਧ ਵੋਟ ਪਾਓ ਜੋ ਸਾਡੇ ਲੋਕਤੰਤਰ ਲਈ ਖ਼ਤਰਾ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਦੇ ਸੰਵਿਧਾਨ ਨੂੰ ਬਚਾਉਣ ਲਈ ਸਿਰਫ਼ ਆਮ ਆਦਮੀ ਪਾਰਟੀ ਹੀ ਕੰਮ ਕਰ ਰਹੀ ਹੈ। ਅਮਨ ਅਰੋੜਾ ਨੇ ਕਿਹਾ ਕਿ ਜਲੰਧਰ ਪੱਛਮੀ ਦੇ ਲੋਕ ਸ਼ੀਤਲ ਅੰਗੁਰਾਲ ਨੂੰ ਚੰਗੀ ਤਰ੍ਹਾਂ ਜਾਣਦੇ ਹਨ ਪਰ ਆਮ ਆਦਮੀ ਪਾਰਟੀ ਅਜੇ ਵੀ ਕੁਝ ਅਜਿਹੇ ਸਵਾਲ ਉਠਾਉਣਾ ਚਾਹੁੰਦੀ ਹੈ, ਜਿਨ੍ਹਾਂ ਦਾ ਜਵਾਬ ਸਾਬਕਾ ਵਿਧਾਇਕ ਨੂੰ ਲੋਕਾਂ ਵਿਚਕਾਰ ਜਾਕੇ ਵੋਟਾਂ ਮੰਗਣ ਅਤੇ ਉਨ੍ਹਾਂ ਨਾਲ ਇਸ ਤਰ੍ਹਾਂ ਧੋਖਾ ਕਰਨ ਤੋਂ ਪਹਿਲਾਂ ਦੇਣਾ ਚਾਹੀਦਾ ਹੈ।ਅਮਨ ਅਰੋੜਾ ਨੇ ਕਿਹਾ ਕਿ ਪਹਿਲਾਂ ਸ਼ੀਤਲ ਅੰਗੁਰਲ ਨੇ ਕਰੀਬ ਢਾਈ ਮਹੀਨੇ ਪਹਿਲਾਂ ਆਪਣਾ ਅਸਤੀਫ਼ਾ ਦਿੱਤਾ ਅਤੇ ਫਿਰ ਆਮ ਚੋਣਾਂ ਤੋਂ ਬਾਅਦ ਅਸਤੀਫ਼ਾ ਵਾਪਸ ਲੈਣ ਦੀ ਕੋਸ਼ਿਸ਼ ਕੀਤੀ ਪਰ ਉਦੋਂ ਤੱਕ ਸਪੀਕਰ ਨੇ ਉਨ੍ਹਾਂ ਦਾ ਅਸਤੀਫ਼ਾ ਮਨਜ਼ੂਰ ਕਰ ਲਿਆ ਸੀ। 'ਆਪ' ਆਗੂ ਨੇ ਸਵਾਲ ਕੀਤਾ ਕਿ ਢਾਈ ਮਹੀਨੇ ਤੋਂ ਸ਼ੀਤਲ ਅੰਗੁਰਾਲ ਭਾਜਪਾ ਨਾਲ ਸਨ ਅਤੇ ਉਨ੍ਹਾਂ ਲਈ ਚੋਣ ਪ੍ਰਚਾਰ ਕਰ ਰਹੇ ਸਨ, ਫਿਰ ਅਜਿਹਾ ਕੀ ਹੋਇਆ ਕਿ ਚੋਣਾਂ ਤੋਂ ਤੁਰੰਤ ਬਾਅਦ ਉਹ ਆਪਣਾ ਅਸਤੀਫ਼ਾ ਵਾਪਸ ਲੈਣਾ ਚਾਹੁੰਦੇ ਸਨ ਅਤੇ 'ਆਪ' 'ਚ ਵਾਪਸ ਆਉਣਾ ਚਾਹੁੰਦੇ ਸਨ। ਕੀ ਉਹ ਸਭ ਤੋਂ ਪਹਿਲਾਂ ਗਵਾਹ ਸਨ ਕਿ ਪੰਜਾਬ ਦੇ ਲੋਕ ਭਾਜਪਾ ਵਰਗੀ ਭ੍ਰਿਸ਼ਟ ਪਾਰਟੀ ਨੂੰ ਕਦੇ ਸਵੀਕਾਰ ਨਹੀਂ ਕਰਨਗੇ? ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੇ ਦੋ ਵਿਧਾਇਕ ਅਤੇ ਜ਼ੀਰੋ ਸੰਸਦ ਮੈਂਬਰ ਹਨ। ਦੂਸਰਾ ਸਵਾਲ ਜੋ ਹਰ ਜਲੰਧਰ ਪੱਛਮੀ ਨਿਵਾਸੀ ਦੇ ਮਨ ਵਿੱਚ ਹੈ ਕਿ ਪਹਿਲਾਂ ਸ਼ੀਤਲ ਅੰਗੁਰਾਲ ਅਤੇ ਸੁਸ਼ੀਲ ਕੁਮਾਰ ਰਿੰਕੂ ਦਾ ਆਪਸ ਵਿੱਚ ਇੱਟ-ਕੁੱਤੇ ਦਾ ਵੈਰ ਸੀ, ਫਿਰ ਅਜਿਹੇ ਕਿਹੜੇ ਹਾਲਾਤ ਪੈਦਾ ਹੋਏ ਕਿ ਉਨ੍ਹਾਂ ਨੂੰ ਇੱਕ ਦੂਜੇ ਦੇ ਸਾਥੀ ਬਣਨਾ ਪਿਆ। ਇਸ ਨਵੇਂ ਗੱਠਜੋੜ ਤੋਂ ਉਨ੍ਹਾਂ ਨੂੰ ਕੀ ਲਾਭ ਹੋ ਰਿਹਾ ਹੈ। 'ਆਪ' ਮੰਤਰੀ ਨੇ ਕਿਹਾ ਕਿ ਕੋਈ ਵੀ ਇਸ ਤੱਥ ਤੋਂ ਅਣਜਾਣ ਨਹੀਂ ਹੈ ਕਿ ਦੋਵਾਂ ਵਿਚਕਾਰ ਕੋਈ ਪਿਆਰ ਨਹੀਂ ਹੈ, ਉਨ੍ਹਾਂ ਨੇ ਆਪਣੇ ਝਗੜੇ ਵਿਚ ਆਪਣੇ ਪਰਿਵਾਰਾਂ ਨੂੰ ਵੀ ਨਹੀਂ ਬਖ਼ਸ਼ਿਆ ਅਤੇ ਉਨ੍ਹਾਂ ਦੇ ਸੈਂਕੜੇ ਸਮਰਥਕ ਉਨ੍ਹਾਂ ਲਈ ਲੜਦੇ ਹੋਏ ਆਪਣੇ ਆਪ ਨੂੰ ਜ਼ਖ਼ਮੀ ਜਾਂ ਜੇਲ੍ਹ ਗਏ ਹਨ। ਹੁਣ ਉਨ੍ਹਾਂ ਸਮਰਥਕਾਂ ਦਾ ਕੀ ਬਣੇਗਾ। ਅਮਨ ਅਰੋੜਾ ਨੇ ਅੱਗੇ ਕਿਹਾ ਕਿ ਚੁਣੇ ਹੋਏ ਨੁਮਾਇੰਦੇ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਹਲਕੇ ਵਿੱਚ ਅਮਨ-ਕਾਨੂੰਨ ਨੂੰ ਯਕੀਨੀ ਬਣਾਏ। ਅਰੋੜਾ ਨੇ ਕਿਹਾ ਕਿ ਸ਼ੀਤਲ ਅੰਗੁਰਾਲ ਦਾ ਅਪਰਾਧਿਕ ਪਿਛੋਕੜ ਸੀ ਪਰ ਫਿਰ ਵੀ ਉਸ ਨੇ ਇਨ੍ਹਾਂ ਦੋ ਸਾਲਾਂ ਦੌਰਾਨ ਨਸ਼ਾ ਤਸਕਰਾਂ, ਅਪਰਾਧੀਆਂ, ਨਾਜਾਇਜ਼ ਸ਼ਰਾਬ ਮਾਫੀਆ ਨਾਲ ਆਪਣੇ ਸਬੰਧ ਬਣਾਏ ਰੱਖੇ ਅਤੇ ਉਹ ਇਨ੍ਹਾਂ ਗੈਰ-ਕਾਨੂੰਨੀ ਗਤੀਵਿਧੀਆਂ 'ਚ ਸ਼ਾਮਲ ਰਿਹਾ। ਅਰੋੜਾ ਨੇ ਕਿਹਾ ਕਿ ਸ਼ੀਤਲ ਅੰਗੁਰਾਲ ਨੇ ਜਲੰਧਰ ਪੱਛਮੀ ਦੇ ਲੋਕਾਂ ਨੂੰ ਧੋਖਾ ਦਿੱਤਾ ਅਤੇ ਆਪਣੀ ਜ਼ਿੰਮੇਵਾਰੀ ਨਿਭਾਉਣ 'ਚ ਪੂਰੀ ਤਰ੍ਹਾਂ ਅਸਫਲ ਰਹੇ । ਅਰੋੜਾ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੀ ਅਸਫਲਤਾ ਦਾ ਜਵਾਬ ਦੇਣਾ ਚਾਹੀਦਾ ਹੈ।ਆਮ ਆਦਮੀ ਪਾਰਟੀ ਦਾ ਚੌਥਾ ਸਵਾਲ ਹੈ ਕਿ ਸ਼ੀਤਲ ਅੰਗੁਰਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਤੱਕ ਕਿਸ ਤਰ੍ਹਾਂ ਦੇ ਕੰਮਾਂ ਲਈ ਪਹੁੰਚ ਕੀਤੀ ਸੀ? ਅਮਨ ਅਰੋੜਾ ਨੇ ਕਿਹਾ ਕਿ 'ਆਪ' ਸਰਕਾਰ ਪੰਜਾਬ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਕਦੇ ਵੀ ਕਿਸੇ ਹਲਕੇ ਦੇ ਵਿਕਾਸ ਦੇ ਇੱਕ ਵੀ ਕੰਮ ਨੂੰ ਨਜ਼ਰਅੰਦਾਜ਼ ਨਹੀਂ ਕਰਦੇ, ਇਸ ਲਈ ਇਸ ਸਬੰਧੀ ਸ਼ੀਤਲ ਅੰਗੁਰਾਲ ਦੇ ਬਿਆਨ ਸਰਾਸਰ ਝੂਠ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਕਦੇ ਵੀ ਕੋਈ ਗੈਰ-ਕਾਨੂੰਨੀ ਪ੍ਰਸਤਾਵ ਨਹੀਂ ਸੁਣਦੇ ਹਨ। ਇਸ ਲਈ ਜੇਕਰ ਸ਼ੀਤਲ ਅੰਗੁਰਾਲ ਕਹਿ ਰਹੇ ਹਨ ਕਿ ਉਨ੍ਹਾਂ ਦੇ ਕੰਮ 'ਆਪ' ਸਰਕਾਰ 'ਚ ਨਹੀਂ ਹੋਏ ਤਾਂ ਉਨ੍ਹਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਕਿਹੜੇ ਕੰਮਾਂ ਦੀ ਗੱਲ ਕਰ ਰਹੇ ਹਨ। 'ਆਪ' ਆਗੂ ਨੇ ਸ਼ੀਤਲ ਅੰਗੁਰਾਲ ਦੇ ਆਪ ਵਿਰੋਧੀ ਬਿਆਨਾਂ 'ਤੇ ਵੀ ਸਵਾਲ ਚੁੱਕੇ ਹਨ। ਅਰੋੜਾ ਨੇ ਕਿਹਾ ਕਿ ਸ਼ੀਤਲ ਅੰਗੁਰਾਲ ਨੇ ਪਵਿੱਤਰ ਅਸੈਂਬਲੀ 'ਚ 40 ਮਿੰਟ ਤੱਕ ਭਗਵੰਤ ਮਾਨ ਦਾ ਗੁਣਗਾਨ ਕੀਤਾ ਪਰ ਹੁਣ ਉਹ ਉਸੇ ਹੀ ਵਿਅਕਤੀ ਦੀ ਆਲੋਚਨਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਭ੍ਰਿਸ਼ਟਾਚਾਰ ਜਾਂ ਭ੍ਰਿਸ਼ਟਾਚਾਰੀਆਂ ਲਈ ਜ਼ੀਰੋ ਟੋਲਰੈਂਸ ਦੀ ਨੀਤੀ ਹੈ। ਇਸ ਲਈ ਸ਼ੀਤਲ ਅੰਗੁਰਾਲ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਵਿਧਾਨ ਸਭਾ ਵਿੱਚ ਝੂਠ ਬੋਲ ਰਹੇ ਸਨ ਜਾਂ ਹੁਣ ਝੂਠ ਬੋਲ ਰਹੇ ਹਨ? ਅਮਨ ਅਰੋੜਾ ਨੇ ਕਿਹਾ ਕਿ ਇੱਕ ਵਾਰ ਫਿਰ ਭਾਜਪਾ ਆਗੂ ਨਿਗਮ ਫੰਡਾਂ ਵਿੱਚ ਘਪਲੇ ਦੀ ਗੱਲ ਕਰ ਰਹੇ ਹਨ ਜਿੱਥੇ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਜਲੰਧਰ ਸ਼ਹਿਰ ਦੇ ਵਿਕਾਸ ਲਈ 1000 ਕਰੋੜ ਰੁਪਏ ਆਏ ਸਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਜਲੰਧਰ ਲੋਕ ਸਭਾ ਸੀਟ ਦੀ ਜ਼ਿਮਨੀ ਚੋਣ ਦੌਰਾਨ ਭਾਜਪਾ ਆਗੂਆਂ ਨੇ ਇਸ ਘੁਟਾਲੇ ਦੀ ਗੱਲ ਤਾਂ ਕੀਤੀ ਪਰ ਕਦੇ ਵੀ ਇਸ ਦੀ ਜਾਂਚ ਨਹੀਂ ਕਰਵਾਈ, ਉਨ੍ਹਾਂ ਨੂੰ ਕੌਣ ਰੋਕ ਰਿਹਾ ਹੈ? ਅਰੋੜਾ ਨੇ ਕਿਹਾ ਕਿ ਅਸਲ ਵਿਚ ਉਹ (ਕਾਂਗਰਸ ਅਤੇ ਭਾਜਪਾ) ਸਾਰੇ ਹੀ ਭ੍ਰਿਸ਼ਟ ਹਨ, ਜਲੰਧਰ ਦੇ ਵਿਕਾਸ ਦੇ ਪੈਸੇ ਨੂੰ ਲੁੱਟਣ ਵਿਚ ਇਨ੍ਹਾਂ ਦਾ ਹੱਥ ਹੈ ਅਤੇ ਹੁਣ ਕੋਈ ਵੀ ਕਾਰਵਾਈ ਨਹੀਂ ਕਰ ਰਿਹਾ। ਕੇਂਦਰ ਨੂੰ ਚਿੱਠੀਆਂ ਲਿਖ ਕੇ ਉਹ ਸਿਰਫ਼ ਰਸਮੀ ਕੰਮ ਕਰ ਰਹੇ ਹਨ, ਭਾਜਪਾ ਦੇ ਆਗੂ ਕੇਂਦਰ ਵਿਚ ਆਪਣੀ ਸਰਕਾਰ ਹੋਣ 'ਤੇ ਚਿੱਠੀਆਂ ਲਿਖ ਰਹੇ ਹਨ।

# ਲਾਲਜੀਤ ਸਿੰਘ ਭੁੱਲਰ ਵੱਲੋਂ ਸਵਾਰੀਆਂ ਦੀ ਖੱਜਲ-ਖੁਆਰੀ ਤੁਰੰਤ ਬੰਦ ਕਰਨ ਲਈ ਸਰਕਾਰੀ ਅਤੇ ਪ੍ਰਾਈਵੇਟ ਬੱਸ ਡਰਾਈਵਰਾਂ ਤੇ ਕੰਡਕਟਰਾਂ ਨੂੰ ਤਾੜਨਾ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸਰਕਾਰੀ ਅਤੇ ਪ੍ਰਾਈਵੇਟ ਬੱਸ ਡਰਾਈਵਰਾਂ ਤੇ ਕੰਡਕਟਰਾਂ ਨੂੰ ਸੁਚੇਤ ਕੀਤਾ ਹੈ ਕਿ ਉਹ ਸਵਾਰੀਆਂ ਦੀ ਖੱਜਲ-ਖੁਆਰੀ ਤੁਰੰਤ ਬੰਦ ਕਰਨ।

ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਬੇ 'ਚ ਵੱਖ-ਵੱਖ ਥਾਵਾਂ ਦੇ ਦੌਰਿਆ ਦੌਰਾਨ ਅਤੇ ਦਫ਼ਤਰੀ ਫ਼ੋਨ ਤੇ ਈ-ਮੇਲ ਰਾਹੀਂ ਸ਼ਿਕਾਇਤਾਂ ਮਿਲ ਰਹੀਆਂ ਹਨ ਕਿ ਪੰਜਾਬ ਰੋਡਵੇਜ਼, ਪੀ.ਆਰ.ਟੀ.ਸੀ. ਅਤੇ ਪ੍ਰਾਈਵੇਟ ਬੱਸ ਆਪ੍ਰੇਟਰਾਂ ਦੇ ਡਰਾਈਵਰਾਂ ਅਤੇ ਕੰਡਕਟਰਾਂ ਵੱਲੋਂ ਬੱਸਾਂ ਵਿੱਚ ਸਫ਼ਰ ਕਰਨ ਵਾਲੀਆਂ ਸਵਾਰੀਆਂ ਨਾਲ ਮਾੜਾ ਵਿਹਾਰ ਕੀਤਾ ਜਾ ਰਿਹਾ ਹੈ।

ਇਹ ਵੀ ਸੁਣਨ ਨੂੰ ਮਿਲਿਆ ਹੈ ਕਿ ਕਈ ਵਾਰ ਤਾਂ ਸਵਾਰੀਆਂ ਨਾਲ ਝਗੜਾ ਵੀ ਕੀਤਾ ਜਾਂਦਾ ਹੈ ਜਿਸ ਸਬੰਧੀ ਆਏ ਦਿਨ ਸੋਸ਼ਲ ਮੀਡੀਆ 'ਤੇ ਵੀਡੀਓਜ਼ ਵੀ ਵਾਇਰਲ ਹੁੰਦੀਆਂ ਹਨ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਇਹ ਵੀ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਹਨ ਕਿ ਸਰਕਾਰੀ ਅਤੇ ਪ੍ਰਾਈਵੇਟ ਬੱਸਾਂ ਦੇ ਡਰਾਈਵਰਾਂ/ਕੰਡਕਟਰਾਂ ਵੱਲੋਂ ਕਈ ਸਟਾਪਜ਼ 'ਤੇ ਬੱਸਾਂ ਵੀ ਨਹੀਂ ਰੋਕੀਆਂ ਜਾਂਦੀਆਂ ਅਤੇ ਸਵਾਰੀਆਂ ਨੂੰ ਬਣਦੇ ਸਟਾਪਜ਼ ਤੋਂ ਅੱਗੇ ਜਾਂ ਪਿੱਛੇ ਉਤਾਰ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਜਿਸ ਨਾਲ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।



ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਸਰਕਾਰੀ ਅਤੇ ਪ੍ਰਾਈਵੇਟ ਬੱਸ ਮੁਲਾਜ਼ਮਾਂ ਦੇ ਇਸ ਤਰ੍ਹਾਂ ਦੇ ਵਤੀਰੇ ਕਾਰਨ ਆਮ ਪਬਲਿਕ ਵਿੱਚ ਟਰਾਂਸਪੋਰਟ ਵਿਭਾਗ ਦੇ ਅਕਸ 'ਤੇ ਬੁਰਾ ਪ੍ਰਭਾਵ ਪੈ ਰਿਹਾ ਹੈ।

ਲਾਲਜੀਤ ਸਿੰਘ ਭੁੱਲਰ ਨੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਮੱਦੇਨਜ਼ਰ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਨਿਰੰਤਰ ਚੈਕਿੰਗ ਵਧਾਉਣ ਅਤੇ ਵਿਭਾਗੀ ਪੱਧਰ 'ਤੇ ਸਰਕਾਰੀ ਬੱਸਾਂ ਦੇ ਡਰਾਈਵਰਾਂ/ਕੰਡਕਟਰਾਂ ਨੂੰ ਤੁਰੰਤ ਖੇਤਰੀ ਦਫ਼ਤਰਾਂ ਰਾਹੀਂ ਸਵਾਰੀਆਂ ਨਾਲ ਉਚਿਤ ਵਿਹਾਰ ਕਰਨਾ ਯਕੀਨੀ ਬਣਾਉਣ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਡਰਾਈਵਰਾਂ ਤੇ ਕੰਡਕਟਰਾਂ ਨੂੰ ਨਿਰਧਾਰਤ ਬੱਸ ਸਟਾਪਜ਼ 'ਤੇ ਉਚਿਤ ਢੰਗ ਨਾਲ ਸਵਾਰੀਆਂ ਉਤਾਰਨ ਅਤੇ ਚੜ੍ਹਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਜਾਣ ਅਤੇ ਨਾਲ ਹੀ ਇਸ ਅਮਲ ਦੀ ਪੈਰਵੀ ਰੱਖਣੀ ਯਕੀਨੀ ਬਣਾਇਆ ਜਾਵੇ।

ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਵਿਭਾਗ ਵੱਲੋਂ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਪ੍ਰਾਈਵੇਟ ਬੱਸ ਆਪ੍ਰੇਟਰਾਂ ਦੇ ਮਾਲਕਾਂ, ਉਨ੍ਹਾਂ ਦੇ ਪ੍ਰਾਈਵੇਟ ਪ੍ਰਬੰਧਕੀ ਅਦਾਰਿਆਂ ਨੂੰ ਆਮ ਸਵਾਰੀਆਂ ਨਾਲ ਉਚਿਤ ਵਿਹਾਰ ਕਰਨ ਅਤੇ ਆਪਣੇ ਡਰਾਈਵਰਾਂ/ਕੰਡਕਟਰਾਂ ਨੂੰ ਅਨੁਸਾਸ਼ਨ ਵਿੱਚ ਰਹਿਣ, ਸਵਾਰੀਆਂ ਨਾਲ ਮਿਲਵਰਤਣ ਰੱਖਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਜਾਣ।

ਇਸ ਤੋਂ ਇਲਾਵਾ ਸਰਕਾਰੀ ਅਤੇ ਪ੍ਰਾਈਵੇਟ ਖੇਤਰਾਂ ਵਿੱਚ ਕੰਮ ਕਰਨ ਵਾਲੇ ਬੱਸ ਡਰਾਈਵਰਾਂ ਅਤੇ ਕੰਡਕਟਰਾਂ ਨੂੰ ਸਰਵਿਸ ਵਿੱਚ ਜੁਆਇਨ ਕਰਵਾਉਣ ਤੋਂ ਪਹਿਲਾਂ ਆਮ ਜਨਤਾ ਨਾਲ ਵਧੀਆ ਵਿਹਾਰ ਰੱਖਣ ਅਤੇ ਸੜਕੀ ਨਿਯਮਾਂ ਬਾਰੇ ਚੰਗੀ ਤਰ੍ਹਾਂ ਸਿੱਖਿਅਤ ਕਰਨ ਹਿੱਤ ਇੱਕ ਲਾਜ਼ਮੀ ਟ੍ਰੇਨਿੰਗ ਦੀ ਵਿਵਸਥਾ ਨੂੰ ਯਕੀਨੀ ਬਣਾਇਆ ਜਾਵੇ।





# GINNY BEDI LAW PC



Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SAI JEWELERS
Making Every Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# ਗੋਲਡੀ ਬਰਾੜ ਦੇ 3 ਸ਼ੂਟਰ ਗ੍ਰਿਫ਼ਤਾਰ, ਦੋ ਪਿਸਤੌਲ 32 ਬੋਰ ਇਕ 9 ਐਮ.ਐਮ 6 ਜਿੰਦਾ ਕਾਰਤੂਸ ਅਤੇ 6 ਮੈਗਜ਼ੀਨ ਸਮੇਤ ਇਕ ਵਰਨਾ ਕਾਰ ਬਰਾਮਦ

ਬਠਿੰਡਾ ਸਾਂਝੀ ਸੋਚ ਬਿਊਰੋ



ਬਠਿੰਡਾ ਕਾਊਂਟਰ ਇੰਟੈਲੀਜੈਂਸ ਅਤੇ ਜ਼ਿਲ੍ਹਾ ਪੁਲਿਸ ਨੇ ਲਾਰੈਂਸ ਗੈਂਗ ਦੇ 3 ਸ਼ੂਟਰਾਂ ਅਤੇ ਗੈਂਗਸਟਰ ਗੋਲਡੀ ਬਰਾੜ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਕੋਲੋਂ 02 ਪਿਸਤੌਲ 32 ਬੋਰ 019 ਐਮ.ਐਮ., 06 ਜਿੰਦਾ ਕਾਰਤੂਸ ਅਤੇ 06 ਮੈਗਜ਼ੀਨ ਸਮੇਤ ਇੱਕ ਵਰਨਾ ਕਾਰ ਬਰਾਮਦ ਕੀਤੀ ਗਈ ਹੈ। ਪੁਲੀਸ ਨੇ ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਮੁਲਜ਼ਮਾਂ ਨੂੰ ਜਲਦੀ ਹੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਮੁਲਜ਼ਮਾਂ ਤੋਂ ਪੁੱਛਗਿੱਛ ਦੌਰਾਨ ਅਹਿਮ ਖੁਲਾਸੇ ਹੋਣ ਦੀ ਉਮੀਦ ਹੈ। ਮੁਲਜ਼ਮਾਂ ਦੀ ਪਛਾਣ ਸ਼ੂਟਰ ਕਰਨਦੀਪ ਸਿੰਘ ਵਾਸੀ ਨਵੀਂ ਬਸਤੀ ਮੌੜ ਮੰਡੀ, ਰਘਵੀਰ ਸਿੰਘ ਵਾਸੀ ਕੋਟ ਸ਼ਮੀਰ ਥਾਣਾ ਸਦਰ, ਕੁਲਵਿੰਦਰ ਸਿੰਘ ਵਾਸੀ ਕੋਟ ਸ਼ਮੀਰ ਜ਼ਿਲ੍ਹਾ ਬਠਿੰਡਾ ਵਜੋਂ ਹੋਈ ਹੈ।ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਨ੍ਹਾਂ ਹਥਿਆਰਾਂ ਦੀ ਵਰਤੋਂ ਜ਼ਿਲ੍ਹੇ ਵਿੱਚ ਕਈ ਟਾਰਗੇਟ ਕਿਲਿੰਗ ਅਤੇ ਹੋਰ ਵਾਰਦਾਤਾਂ ਨੂੰ ਅੰਜਾਮ ਦੇਣ ਲਈ ਕੀਤੀ ਜਾਣੀ ਸੀ। ਬਠਿੰਡਾ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਦੀ ਪੁਲਿਸ ਵੱਲੋਂ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਉਸ ਖ਼ਿਲਾਫ਼ ਪਹਿਲਾਂ ਵੀ ਤਿੰਨ ਕੇਸ ਦਰਜ ਹਨ।

# ਆਇਰਲੈਂਡ ਦੇ ਰਾਜਦੂਤ ਨੇ ਪੰਜਾਬ ਵਿਧਾਨ ਸਭਾ ਸਪੀਕਰ ਨਾਲ ਕੀਤੀ ਮੁਲਾਕਾਤ



ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਭਾਰਤ ਵਿੱਚ ਆਇਰਲੈਂਡ ਦੇ ਰਾਜਦੂਤ ਕੇਵਿਨ ਕੈਲੀ ਨੇ ਆਪਣੇ ਤਿੰਨ ਸੀਨੀਅਰ ਸਾਥੀਆਂ ਸਮੇਤ ਅੱਜ ਵੀਰਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਮੁਲਾਕਾਤ ਕੀਤੀ। ਪੰਜਾਬ ਵਿਧਾਨ ਸਭਾ ਵਿੱਚ ਹੋਈ ਮੁਲਾਕਾਤ ਦੌਰਾਨ ਦੋਵਾਂ ਆਗੂਆਂ ਨੇ ਭਾਰਤ ਅਤੇ ਆਇਰਲੈਂਡ ਦਰਮਿਆਨ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ‘ਤੇ ਜ਼ੋਰ ਦਿੱਤਾ। ਸੰਧਵਾਂ ਨੇ ਪੰਜਾਬ ਅਤੇ ਆਇਰਲੈਂਡ ਦਰਮਿਆਨ ਖੇਤੀਬਾੜੀ, ਇੰਡਸਟਰੀ, ਤਕਨਾਲੋਜੀ ਅਤੇ ਹੋਰਨਾਂ ਖੇਤਰਾਂ ਵਿੱਚ ਠੋਸ ਸਹਿਯੋਗ ‘ਤੇ ਜ਼ੋਰ ਦਿੱਤਾ।

ਦੋਵਾਂ ਆਗੂਆਂ ਨੇ ਆਪਸੀ ਵਿਚਾਰ-ਵਟਾਂਦਰੇ ਮਗਰੋਂ ਕਿਹਾ ਕਿ ਦੋਵੇਂ ਦੇਸ਼ ਵੱਖ-ਵੱਖ ਖੇਤਰਾਂ ‘ਚ ਗਿਆਨ ਅਤੇ ਤਕਨਾਲੋਜੀ ਦੇ ਆਪਸੀ ਅਦਾਨ-ਪ੍ਰਦਾਨ ਤੋਂ ਲਾਭ ਉਠਾ ਸਕਦੇ ਹਨ। ਸੰਧਵਾਂ ਨੇ ਕੇਵਿਨ ਕੈਲੀ ਨੂੰ ਆਇਰਲੈਂਡ ਦੀਆਂ ਕੰਪਨੀਆਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਹਿੱਤ ਪ੍ਰੇਰਿਤ ਕਰਨ ਲਈ ਵੀ ਕਿਹਾ।

ਮੀਟਿੰਗ ਦੌਰਾਨ ਕੇਵਿਨ ਕੈਲੀ ਨੇ ਆਇਰਲੈਂਡ ਅਤੇ ਭਾਰਤ ਦੋਵਾਂ ਦੇਸ਼ਾਂ ਦੇ ਇਤਿਹਾਸਕ ਸਬੰਧਾਂ ਨੂੰ ਯਾਦ ਕੀਤਾ। ਉਨ੍ਹਾਂ ਨੇ ਪੰਜਾਬੀਆਂ ਦੇ ਮਿਹਨਤ ਕਰਨ ਵਾਲੇ ਜਜ਼ਬੇ ਦੀ ਵੀ ਸ਼ਲਾਘਾ ਕੀਤੀ।

ਕੇਵਿਨ ਕੈਲੀ ਨੇ ਦੱਸਿਆ ਕਿ ਆਇਰਲੈਂਡ, ਭਾਰਤ ਨਾਲ ਮਜ਼ਬੂਤ ਦੁਵੱਲੇ ਸਹਿਯੋਗ ਨੂੰ ਲਗਾਤਾਰ ਹੋਰ ਅੱਗੇ ਵਧਾਉਂਦਾ ਆ ਰਿਹਾ ਹੈ, ਜਿਸ ਨਾਲ ਦੋਵਾਂ ਦੇਸ਼ਾਂ ਦੇ ਆਪਸੀ ਸਬੰਧ ਹੋਰ ਮਜ਼ਬੂਤ ਹੋਣਗੇ।

ਭਾਰਤ ਵਿੱਚ ਆਇਰਲੈਂਡ ਦੇ ਰਾਜਦੂਤ, ਕੇਵਿਨ ਕੈਲੀ ਨਾਲ ਰੇਮੰਡ ਮੁਲੇਨ ਡਿਪਟੀ ਅੰਬੈਸਡਰ, ਪੀਡਰ ਓ'ਹੁਬੇਨ ਕੌਂਸਲਰ, ਸੈਕਿੰਡ ਸੈਕਟਰੀ ਅਤੇ ਕੈਰਬਰੇ ਓ'ਫੀਅਰਘਾਲ, ਵੀਜ਼ਾ ਦਫਤਰ ਦੇ ਮੁਖੀ ਵੀ ਮੌਜੂਦ ਸਨ।

# ਆਯੂਰਵੈਦ ਵਿਭਾਗ ਅੰਮ੍ਰਿਤਸਰ ਵਿਖੇ ਪਾਰਟ ਟਾਈਮ ਫੀਮੇਲ ਯੋਗ ਇੰਸਟਰਕਟਰਾਂ ਦੀ ਭਰਤੀ ਸ਼ੁਰੂ

ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ



ਆਯੂਰਵੈਦ ਵਿਭਾਗ ਅੰਮ੍ਰਿਤਸਰ ਵਿਖੇ 8 ਫੀਮੇਲ ਯੋਗ ਇੰਸਟਰਕਟਰਾਂ (ਪਾਰਟ ਟਾਈਮ) ਦੀ ਆਸਾਮੀ ਭਰਨ ਸਬੰਧੀ ਅਰਜੀਆਂ ਦੀ ਮੰਗ ਕੀਤੀ ਗਈ ਹੈ। ਇਹ ਅਰਜੀਆਂ 12 ਜੁਲਾਈ 2024 ਸ਼ਾਮ 5 ਵਜੇ ਤੱਕ ਦਫ਼ਤਰ ਜਿਲ੍ਹਾ ਆਯੂਰਵੈਦਿਕ ਅਤੇ ਯੂਨਾਨੀ ਅਫਸਰ, ਕਮਰਾ ਨੰਬਰ 33-34 ਪਹਿਲੀ ਮੰਜਿਲ ਸਿਵਲ ਹਸਪਤਾਲ ਰਾਮ ਬਾਗ ਵਿਖੇ ਦਸਤੀ ਜਾਂ ਡਾਕ ਰਾਹੀਂ ਵਿਖੇ ਭੇਜੇ ਜਾ ਸਕਦੇ ਹਨ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਆਯੂਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ. ਦਿਨੇਸ਼ ਕੁਮਾਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਹ ਆਸਾਮੀਆਂ ਭਰੀਆਂ ਜਾ ਰਹੀਆਂ ਹਨ। ਉਨਾਂ ਕਿਹਾ ਕਿ 12 ਜੁਲਾਈ 2024 ਨੂੰ ਸ਼ਾਮ 5 ਵਜੇ ਤੋਂ ਬਾਅਦ ਪ੍ਰਾਪਤ ਹੋਈ ਅਰਜੀਆਂ ਨੂੰ ਤਰਜੀਹ ਨਹੀਂ ਦਿੱਤੀ ਜਾਵੇਗੀ। ਉਨਾਂ ਦੱਸਿਆ ਕਿ ਇਸ ਸਬੰਧੀ ਅਰਜੀ ਪ੍ਰੋਫਾਰਮਾ, ਯੋਗਤਾ ਦੇ ਮਾਪਦੰਡ, ਚੋਣ ਪ੍ਰਕ੍ਰਿਆ, ਨਿਯਮਾਂ ਅਤੇ ਸ਼ਰਤਾਂ ਆਦਿ ਸਬੰਧੀ ਸੂਚਨਾ https://amritsar.nic.in ਵੈਬਸਾਈਟ ਤੇ ਉਪਲੱਬਧ ਹੈ।

# ਚੌਧਰ ਚਮਕਾਉਣ ਖਾਤਰ ਕਾਟੋ-ਕਲੇਸ਼ ਵਿੱਚ ਉਲਝਿਆ ਅਕਾਲੀ ਦਲ- ਮੁੱਖ ਮੰਤਰੀ

ਜਲੰਧਰ ਸਾਂਝੀ ਸੋਚ ਬਿਊਰੋ



ਸ਼੍ਰੋਮਣੀ ਅਕਾਲੀ ਦਲ ਦੀ ਤਰਸਯੋਗ ਹਾਲਤ ਉਤੇ ਵਿਅੰਗ ਕੱਸਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਿੰਨੀ ਅਜੀਬੋ-ਗਰੀਬ ਗੱਲ ਹੈ ਕਿ ਅਕਾਲੀ ਦਲ ਦਾ ਸੁਪਰੀਮੋ ਸੁਖਬੀਰ ਸਿੰਘ ਬਾਦਲ ਆਪਣੀ ਹੀ ਪਾਰਟੀ ਦੇ ਚੋਣ ਨਿਸ਼ਾਨ ਵਾਲੇ ਉਮੀਦਵਾਰ ਦੇ ਖਿਲਾਫ਼ ਚੋਣ ਪ੍ਰਚਾਰ ਕਰੇਗਾ।ਅੱਜ ਇੱਥੋਂ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ ਇਸ ਵੇਲੇ ਸੰਕਟ ਵਿੱਚ ਬੁਰੀ ਤਰ੍ਹਾਂ ਗ੍ਰਸਿਆ ਹੋਇਆ ਹੈ ਕਿਉਂਕਿ ਅਕਾਲੀ ਲੀਡਰ ਚੌਧਰ ਚਮਕਾਉਣ ਲਈ ਆਪਸ ਵਿੱਚ ਕਾਟੋ-ਕਲੇਸ਼ ’ਚ ਉਲਝੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਪਾਰਟੀ ਦੀ ਨਾ ਤਾਂ ਕੋਈ ਵਿਚਾਰਧਾਰਾ ਹੈ ਅਤੇ ਨਾ ਹੀ ਚੌਧਰ ਦੇ ਭੁੱਖੇ ਲੀਡਰਾਂ ਦਾ ਕੋਈ ਸਟੈਂਡ ਹੀ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਅਕਾਲੀ ਲੀਡਰ ਨਿਰਲੱਜ ਹੋ ਕੇ ਸਿਰਫ ਆਪਣੇ ਸੌੜੇ ਸਿਆਸੀ ਹਿੱਤਾਂ ਲਈ ਕੰਮ ਕਰ ਰਹੇ ਹਨ ਜਦਕਿ ਇਨ੍ਹਾਂ ਨੂੰ ਪੰਜਾਬ ਤੇ ਪੰਜਾਬੀਆਂ ਦੀਆਂ ਦੁੱਖ-ਤਕਲੀਫਾਂ ਦੀ ਰੱਤੀ ਭਰ ਵੀ ਪ੍ਰਵਾਹ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀ ਪੁਰਾਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਤਰਸਯੋਗ ਹਾਲਤ ਦਾ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਜਲੰਧਰ ਜ਼ਿਮਨੀ ਚੋਣ ਵਿੱਚ ਪਾਰਟੀ ਪ੍ਰਧਾਨ ਅਕਾਲੀ ਦਲ ਦੇ ਚੋਣ ਨਿਸ਼ਾਨ ਵਾਲੇ ਉਮੀਦਵਾਰ ਦੇ ਹੱਕ ‘ਚ ਪ੍ਰਚਾਰ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਚੋਣ ਨਿਸ਼ਾਨ ਕਿਸੇ ਹੋਰ ਉਮੀਦਵਾਰ ਕੋਲ ਹੈ ਜਦਕਿ ਸੁਖਬੀਰ ਸਿੰਘ ਬਾਦਲ ਕਿਸੇ ਹੋਰ ਉਮੀਦਵਾਰ ਲਈ ਚੋਣ ਪ੍ਰਚਾਰ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਗੂ ਸੂਬੇ ਦੇ ਲੋਕਾਂ ਦਾ ਘਾਣ ਕਰ ਰਹੇ ਹਨ ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕ ਇਨ੍ਹਾਂ ਆਗੂਆਂ ਨੂੰ ਕੀਤੇ ਗਏ ਗੁਨਾਹਾਂ ਲਈ ਮੁਆਫ਼ ਨਹੀਂ ਕਰਨਗੇ ਅਤੇ ਇਨ੍ਹਾਂ ਨੂੰ ਚੋਣਾਂ ਵਿੱਚ ਢੁੱਕਵਾਂ ਸਬਕ ਸਿਖਾਉਣਗੇ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਇਨ੍ਹਾਂ ਆਗੂਆਂ ਨੂੰ ਬਾਹਰ ਦਾ ਰਸਤਾ ਵਿਖਾਉਣਗੇ ਕਿਉਂਕਿ ਇਨ੍ਹਾਂ ਲੋਕਾਂ ਨੇ ਆਪਣੇ ਘਟੀਆ ਦਰਜੇ ਦੇ ਪ੍ਰਚਾਰ ਤੋਂ ਬਾਜ਼ ਨਹੀਂ ਆਉਣਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਪੰਜਾਬ ਅਤੇ ਪੰਜਾਬੀਆਂ ਦੀ ਪ੍ਰਵਾਹ ਕੀਤੇ ਬਿਨਾਂ ਆਪਣੇ ਹਿੱਤਾਂ ਨੂੰ ਪਹਿਲ ਦਿੰਦਿਆਂ ਹਮੇਸ਼ਾ ਸੂਬੇ ਦੇ ਲੋਕਾਂ ਨਾਲ ਦਗਾ ਕਮਾਇਆ ਹੈ।



# Now Open New Banquet Hall in Sacramento

**For more info: Contact Paul : (916)334-6000**




# SONNY DHALIWAL

# for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਟੋਲ ਬੂਥਾਂ 'ਤੇ ਦੋਹਰਾ ਟੋਲ ਅਤੇ ਮਨਮਾਨੀ ਹੋਵੇਗੀ ਖ਼ਤਮ, ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਅਧਿਕਾਰੀਆਂ ਨੂੰ ਕੀ ਦਿੱਤੀ ਸਲਾਹ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਭਾਰਤ ਵਿੱਚ ਹਾਈਵੇਅ ਅਤੇ ਐਕਸਪ੍ਰੈਸਵੇਅ ਲਗਾਤਾਰ ਬਣਾਏ ਜਾ ਰਹੇ ਹਨ। ਇਸ ਦੇ ਨਾਲ ਹੀ ਟੋਲ ਟੈਕਸ ਵੀ ਲਿਆ ਜਾਂਦਾ ਹੈ। ਪਰ ਕਈ ਵਾਰ ਟੋਲ ਬੂਥ 'ਤੇ ਮਨਮਾਨੀ ਹੁੰਦੀ ਹੈ ਅਤੇ ਫਾਸਟੈਗ ਹੋਣ ਤੋਂ ਬਾਅਦ ਵੀ ਜੁਰਮਾਨਾ ਲਗਾ ਕੇ ਵੱਧ ਪੈਸੇ ਵਸੂਲੇ ਜਾਂਦੇ ਹਨ। ਪਰ ਹੁਣ ਅਸੀਂ ਜਲਦੀ ਹੀ ਅਜਿਹੀਆਂ ਸਮੱਸਿਆਵਾਂ ਤੋਂ ਛੁਟਕਾਰਾ ਪਾ ਸਕਦੇ ਹਾਂ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਅਜਿਹੀਆਂ ਕਈ ਸਮੱਸਿਆਵਾਂ 'ਤੇ ਇਕ ਪ੍ਰੋਗਰਾਮ ਦੌਰਾਨ ਸਬੰਧਤ ਅਧਿਕਾਰੀਆਂ ਨੂੰ ਕੀ ਸਲਾਹ ਦਿੱਤੀ ਹੈ? ਅਸੀਂ ਤੁਹਾਨੂੰ ਇਸ ਖਬਰ ਵਿੱਚ ਦੱਸ ਰਹੇ ਹਾਂ। ਕਈ ਵਾਰ ਭਾਰਤ ਵਿੱਚ ਹਾਈਵੇਅ ਅਤੇ ਐਕਸਪ੍ਰੈਸਵੇਅ 'ਤੇ ਡਰਾਈਵਰਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਬਾਰੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਇੱਕ ਪ੍ਰੋਗਰਾਮ ਦੌਰਾਨ ਚਰਚਾ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਆਪਣੇ ਅਧਿਕਾਰੀਆਂ ਨੂੰ ਕਿਹਾ ਹੈ ਕਿ ਟੋਲ ਪਲਾਜ਼ਾ 'ਤੇ ਟੋਲ ਅਦਾ ਕਰਨ ਸਮੇਂ ਉਪਭੋਗਤਾਵਾਂ ਤੋਂ ਮਨਮਾਨੀਆਂ ਅਤੇ ਦੋਹਰੇ ਟੋਲ ਦੀਆਂ ਸ਼ਿਕਾਇਤਾਂ ਲਗਾਤਾਰ ਮਿਲ ਰਹੀਆਂ ਹਨ। ਕੇਂਦਰੀ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਕਈ ਸ਼ਿਕਾਇਤਾਂ ਮਿਲ ਰਹੀਆਂ ਹਨ ਕਿ ਮੇਰੇ ਕੋਲ ਫਾਸਟੈਗ ਹੋਣ ਦੇ ਬਾਵਜੂਦ ਉਨ੍ਹਾਂ ਨੇ ਬਹੁਤ ਜ਼ਿਆਦਾ ਪੈਸੇ ਕੱਟ




ਲਏ ਹਨ ਅਤੇ ਜੁਰਮਾਨਾ ਕੀਤਾ ਹੈ। ਅਜਿਹੇ ਮਾਮਲਿਆਂ ਦੀ ਸੁਣਵਾਈ ਨਹੀਂ ਹੋ ਰਹੀ ਹੈ। ਜਿਸ ਕਾਰਨ ਲੋਕਾਂ ਵਿੱਚ ਰੋਸ ਹੈ। ਦਰੀ ਮੰਤਰੀ ਨੇ ਆਪਣੇ ਅਧਿਕਾਰੀਆਂ ਨੂੰ ਸਮੱਸਿਆਵਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕ ਸ਼ਿਕਾਇਤਾਂ ਦਾ ਨਿਪਟਾਰਾ ਸ਼ੁਰੂ ਕੀਤਾ ਜਾਵੇ। ਜਿਸ ਵਿੱਚ ਪ੍ਰੇਸ਼ਾਨ ਵਿਅਕਤੀ ਨੂੰ ਟੋਲ ਬੂਥ 'ਤੇ ਹੀ ਸ਼ਿਕਾਇਤ ਕਰਨ ਦੀ ਸਹੂਲਤ ਦਿੱਤੀ ਜਾਵੇ। ਮੌਕੇ 'ਤੇ ਸ਼ਿਕਾਇਤ ਦਰਜ ਕਰਵਾਉਣ ਤੋਂ ਇਲਾਵਾ ਮੋਬਾਈਲ ਨੰਬਰ ਦੀ ਵਰਤੋਂ ਕਰਕੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਜਿਸ ਤੋਂ ਬਾਅਦ ਜਲਦੀ ਤੋਂ ਜਲਦੀ ਕਾਰਵਾਈ ਕਰਕੇ ਸ਼ਿਕਾਇਤ ਦਾ ਨਿਪਟਾਰਾ ਕੀਤਾ ਜਾਵੇ। ਜੇਕਰ ਕਿਸੇ ਨਾਲ ਬੇਇਨਸਾਫ਼ੀ ਹੁੰਦੀ ਹੈ ਤਾਂ ਉਸ ਦਾ ਇੱਕ ਘੰਟੇ ਵਿੱਚ ਹੱਲ ਕੀਤਾ ਜਾਵੇ। ਇਸ ਦਾ ਫਾਇਦਾ ਇਹ ਹੋਵੇਗਾ ਕਿ ਟੋਲ ਬੂਥ 'ਤੇ ਮਨਮਾਨੇ ਢੰਗ ਨਾਲ ਜ਼ਿਆਦਾ ਪੈਸੇ ਨਹੀਂ ਲਏ ਜਾਣਗੇ ਅਤੇ ਫਾਸਟੈਗ ਹੋਣ 'ਤੇ ਵੀ ਜੁਰਮਾਨਾ ਨਹੀਂ ਲਗਾਇਆ ਜਾਵੇਗਾ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਕਿ ਦੇਸ਼ ਵਿੱਚ ਕੁੱਲ 12.7 ਕਰੋੜ ਵਾਹਨ ਹਨ, ਜਿਨ੍ਹਾਂ ਵਿੱਚੋਂ 7.2 ਕਰੋੜ ਚਾਰ ਪਹੀਆ ਵਾਹਨ ਹਨ। ਇਸ ਤੋਂ ਇਲਾਵਾ ਚਾਰ ਕਰੋੜ ਟਰੱਕ ਅਤੇ ਕਰੀਬ ਡੇਢ ਕਰੋੜ ਵਪਾਰਕ ਵਾਹਨ ਵੀ ਹਨ। ਕੇਂਦਰੀ ਮੰਤਰੀ ਨਿਤਿਨ ਗਡਕਰੀ ਮੁਤਾਬਕ ਇਨ੍ਹਾਂ 'ਚੋਂ 25 ਫੀਸਦੀ ਵਾਹਨਾਂ 'ਚ ਫਾਸਟੈਗ ਨਹੀਂ ਹੈ। ਦੇਸ਼ 'ਚ ਫਾਸਟੈਗ ਰਾਹੀਂ ਟੋਲ ਅਦਾ ਕਰਨ ਵਾਲੇ ਲੋਕਾਂ ਦੀ ਗਿਣਤੀ ਲਗਭਗ 9 ਕਰੋੜ ਹੈ। ਉਨ੍ਹਾਂ ਕਿਹਾ ਕਿ ਤਿੰਨ ਫੀਸਦੀ ਲੋਕ ਫਾਸਟੈਗ ਨਹੀਂ ਲਗਾਉਣਾ ਚਾਹੁੰਦੇ ਹਨ। ਕੇਂਦਰੀ ਮੰਤਰੀ ਨੇ ਕਿਹਾ ਹੈ ਕਿ ਦੇਸ਼ ਵਿੱਚ 75 ਫੀਸਦੀ ਟੋਲ ਉਗਰਾਹੀ ਟਰੱਕਾਂ ਅਤੇ ਵਪਾਰਕ ਵਾਹਨਾਂ ਤੋਂ ਕੀਤੀ ਜਾਂਦੀ ਹੈ ਅਤੇ ਸਿਰਫ 25 ਫੀਸਦੀ ਟੋਲ ਉਗਰਾਹੀ ਕਾਰਾਂ ਤੋਂ ਕੀਤੀ ਜਾਂਦੀ ਹੈ। ਫਿਲਹਾਲ ਟੋਲ ਤੋਂ 54 ਹਜ਼ਾਰ ਕਰੋੜ ਰੁਪਏ ਮਿਲ ਰਹੇ ਹਨ। ਪਰ ਘੰਸ਼ਸ਼ ਦੇ ਸ਼ੁਰੂ ਹੋਣ ਤੋਂ ਬਾਅਦ ਆਮਦਨ 10 ਹਜ਼ਾਰ ਕਰੋੜ ਰੁਪਏ ਵਧ ਸਕਦੀ ਹੈ।

# ਸੰਸਦ ਦੇ ਬਾਹਰ ਕੇਜਰੀਵਾਲ ਦੀ ਗ੍ਰਿਫ਼ਤਾਰੀ ਖ਼ਿਲਾਫ਼ 'ਆਪ' ਸੰਸਦ ਮੈਂਬਰਾਂ ਨੇ ਕੀਤਾ ਪ੍ਰਦਰਸ਼ਨ, ਕਿਹਾ- ਇਹ ਜਾਂਚ ਏਜੰਸੀਆਂ ਦੀ ਸ਼ਰੇਆਮ ਦੁਰਵਰਤੋਂ ਹੈ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਵੀਰਵਾਰ ਨੂੰ ਆਮ ਆਦਮੀ ਪਾਰਟੀ (ਆਪ) ਦੇ ਸਾਰੇ ਸੰਸਦ ਮੈਂਬਰਾਂ ਨੇ 'ਆਪ' ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਸੀਬੀਆਈ ਦੁਆਰਾ ਗ੍ਰਿਫ਼ਤਾਰੀ ਦੇ ਖ਼ਿਲਾਫ਼ ਸੰਸਦ ਦੇ ਬਾਹਰ ਪ੍ਰਦਰਸ਼ਨ ਕੀਤਾ ਅਤੇ ਕਿਹਾ ਕਿ ਇਹ ਸਿੱਧੇ ਤੌਰ ਉੱਤੇ ਜਾਂਚ ਏਜੰਸੀਆਂ ਦੀ ਦੁਰਵਰਤੋਂ ਹੈ। 'ਆਪ' ਦੇ ਸੰਸਦ ਮੈਂਬਰਾਂ ਨੇ ਵੀ ਰਾਸ਼ਟਰਪਤੀ ਦੇ ਸੰਬੋਧਨ ਦਾ ਬਾਈਕਾਟ ਕਰਦਿਆਂ ਕਿਹਾ ਕਿ ਸਾਨੂੰ ਰਾਸ਼ਟਰਪਤੀ ਦਾ ਪੂਰਾ ਸਤਿਕਾਰ ਹੈ ਪਰ ਸੰਬੋਧਨ ਸਰਕਾਰ ਵੱਲੋਂ ਲਿਖਿਆ ਜਾਂਦਾ ਹੈ। ਇਸ ਲਈ ਅਸੀਂ ਇਸ ਪ੍ਰੋਗਰਾਮ ਵਿੱਚ ਹਿੱਸਾ ਨਹੀਂ ਲੈ ਰਹੇ ਹਾਂ। ਸੰਗਰੂਰ ਤੋਂ 'ਆਪ' ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਮੋਦੀ ਸਰਕਾਰ ਲੋਕਤੰਤਰ ਅਤੇ ਸੰਵਿਧਾਨ ਦੀਆਂ ਵੱਡੀਆਂ-ਵੱਡੀਆਂ ਗੱਲਾਂ ਕਰਦੀ ਹੈ, ਪਰ ਅਸਲ ਵਿੱਚ ਇਸ ਦੇ ਉਲਟ ਪੂਰੇ ਦੇਸ਼ ਵਿੱਚ ਸੰਵਿਧਾਨ ਅਤੇ ਲੋਕਤੰਤਰ ਨੂੰ ਕੁਚਲਿਆ ਜਾ ਰਿਹਾ ਹੈ।

ਦਿੱਲੀ ਤੋਂ ਲੈ ਕੇ ਪੱਛਮੀ ਬੰਗਾਲ, ਝਾਰਖੰਡ ਅਤੇ ਮਹਾਰਾਸ਼ਟਰ ਤੱਕ ਜਾਂਚ ਏਜੰਸੀਆਂ ਦੀ ਖੁੱਲ੍ਹੇਆਮ ਦੁਰਵਰਤੋਂ ਹੋ ਰਹੀ ਹੈ। ਦਿੱਲੀ ਦੇ ਮੌਜੂਦਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ ਹੈ। ਝਾਰਖੰਡ ਦੇ ਮੌਜੂਦਾ ਮੁੱਖ ਮੰਤਰੀ ਹੇਮੰਤ ਸੋਰੇਨ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ ਹੈ। ਸਾਡੇ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਅਤੇ ਸਿਹਤ ਮੰਤਰੀ ਸਤੇਂਦਰ ਜੈਨ ਨੂੰ ਗ੍ਰਿਫ਼ਤਾਰ ਕਰਕੇ ਲਗਭਗ ਦੋ ਸਾਲਾਂ ਤੋਂ ਜੇਲ੍ਹ ਵਿੱਚ ਰੱਖਿਆ ਗਿਆ ਹੈ। 'ਆਪ' ਦੇ ਸੰਸਦ ਮੈਂਬਰ ਸੰਜੇ ਸਿੰਘ ਨੂੰ ਛੇ ਮਹੀਨੇ ਤੱਕ ਬਿਨਾਂ ਵਜ੍ਹਾ ਜੇਲ੍ਹ ਵਿੱਚ ਰੱਖਿਆ ਗਿਆ। ਇਹ ਦੇਸ਼ ਦੇ ਲੋਕਤੰਤਰ ਲਈ ਬਹੁਤ ਖ਼ਤਰਨਾਕ ਹੈ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਸੀਬੀਆਈ ਨੇ ਉਸ ਸਮੇਂ ਕਾਹਲੀ ਵਿੱਚ ਗ੍ਰਿਫ਼ਤਾਰ ਕੀਤਾ ਹੈ, ਜਦੋਂ ਉਨ੍ਹਾਂ ਨੂੰ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣ ਦੀ ਪੂਰੀ ਸੰਭਾਵਨਾ ਸੀ, ਕਿਉਂਕਿ ਉਨ੍ਹਾਂ ਨੂੰ ਹੇਠਲੀ ਅਦਾਲਤ ਤੋਂ ਜ਼ਮਾਨਤ ਮਿਲ ਚੁੱਕੀ ਸੀ। ਇਹ ਤਾਨਾਸ਼ਾਹੀ ਦੀ ਇੱਕ ਵੱਡੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਜਾਂਚ ਏਜੰਸੀਆਂ ਦੀ ਦੁਰਵਰਤੋਂ ਦੇਸ਼ ਦੇ ਲੋਕਤੰਤਰ ਲਈ ਬਹੁਤ ਮੰਦਭਾਗੀ ਗੱਲ ਹੈ। ਇਸ ਲਈ ਪ੍ਰਧਾਨ ਮੰਤਰੀ ਨੂੰ ਇਸ ਦੀ ਦੁਰਵਰਤੋਂ ਬੰਦ ਕਰਨੀ ਚਾਹੀਦੀ ਹੈ ਅਤੇ ਇਸ ਮਾਮਲੇ 'ਤੇ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ। ਉਨ੍ਹਾਂ ਅਰਵਿੰਦ ਕੇਜਰੀਵਾਲ 'ਤੇ ਹੋ ਰਹੇ ਅੱਤਿਆਚਾਰਾਂ




'ਤੇ ਵੀ ਬੋਲਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਰਿਹਾਅ ਕਰਨਾ ਚਾਹੀਦਾ ਹੈ। ਮੀਤ ਹੇਅਰ ਨੇ ਕਿਹਾ ਕਿ ਅੱਜ ਅਸੀਂ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਖ਼ਿਲਾਫ਼ ਆਪਣੀ ਪਾਰਟੀ ਦੇ ਪੱਧਰ 'ਤੇ ਧਰਨਾ ਸ਼ੁਰੂ ਕਰ ਦਿੱਤਾ ਹੈ। ਇੰਡੀਆ ਗੱਠਜੋੜ ਦੇ ਆਗੂਆਂ ਨਾਲ ਵੀ ਗੱਲਬਾਤ ਕੀਤੀ ਜਾ ਰਹੀ ਹੈ। ਇਸ ਮੁੱਦੇ 'ਤੇ ਉਨ੍ਹਾਂ ਨਾਲ ਵੀ ਗੱਲਬਾਤ ਕੀਤੀ ਜਾਵੇਗੀ ਅਤੇ ਉਨ੍ਹਾਂ ਦੇ ਸਹਿਯੋਗ ਨਾਲ ਇਸ ਆਵਾਜ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

# ਜਲੰਧਰ 'ਚ ਆਮ ਆਦਮੀ ਪਾਰਟੀ ਹੋਈ ਹੋਰ ਵੀ ਮਜ਼ਬੂਤ ਸੈਂਕੜੇ ਕਾਂਗਰਸੀ-ਭਾਜਪਾ ਆਗੂ ਅਤੇ ਵਰਕਰ 'ਆਪ' 'ਚ ਹੋਏ ਸ਼ਾਮਲ

ਜਲੰਧਰ
ਸਾਂਝੀ ਸੋਚ ਬਿਊਰੋ

ਜਲੰਧਰ ਪੱਛਮੀ ਵਿਧਾਨ ਸਭਾ ਉਪ ਚੋਣ ਲਈ ਆਮ ਆਦਮੀ ਪਾਰਟੀ (ਆਪ) ਨੂੰ ਵੱਡਾ ਹੁਲਾਰਾ ਮਿਲਿਆ ਹੈ।

ਇਸ ਦੇ ਨਾਲ ਹੀ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਲੱਗਿਆ ਹੈ। ਵੀਰਵਾਰ ਨੂੰ ਕਾਂਗਰਸ ਤੇ ਭਾਜਪਾ ਦੇ ਸੈਂਕੜੇ ਆਗੂ 'ਤੇ ਵਰਕਰ ਪਾਰਟੀ ਛੱਡ ਕੇ 'ਆਪ' 'ਚ ਸ਼ਾਮਲ ਹੋ ਗਏ।

ਭਾਜਪਾ ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਲੱਡਾ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਹਰਜਿੰਦਰ ਸਿੰਘ ਲੱਡਾ ਦੇ ਨਾਲ ਭਾਜਪਾ ਆਗੂ ਸੁਮਿਤ ਹਾਂਡਾ, ਯਸ਼ ਵੋਹਰਾ, ਗਗਨ ਕੁਮਾਰ, ਪ੍ਰਵੀਨ ਚਾਵਲਾ, ਗੁਰਦਿਆਲ ਸਿੰਘ ਪ੍ਰੀਤ, ਬੀ.ਕੇ ਮਣੀ, ਕਰਮ ਸਿੰਘ ਅਤੇ ਸੁਨੀਲ ਕੁਮਾਰ ਵੀਘਾ 'ਆਪ' ਵਿੱਚ ਸ਼ਾਮਲ ਹੋਏ।

ਕਾਂਗਰਸ ਦੇ ਕਈ ਸੀਨੀਅਰ ਆਗੂ ਵੀ ਆਪਣੀ ਪਾਰਟੀ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ ਹਨ। ਕਾਂਗਰਸ ਦੇ ਜਲੰਧਰ ਜ਼ਿਲ੍ਹਾ ਮੀਤ ਪ੍ਰਧਾਨ ਅਜੈ ਕੁਮਾਰ, ਬਲਾਕ ਜਨਰਲ ਸਕੱਤਰ ਰਣਜੀਤ ਸਿੰਘ ਲਾਡੀ, ਕਾਂਗਰਸੀ ਆਗੂ ਰਵਿੰਦਰ ਸਿੰਘ ਮੋਂਟੂ, ਕਿਮੀ ਕੇਸਰ, ਅਮਿੱਤ ਭਗਤ, ਪਰਮ ਪ੍ਰੀਤ ਸਿੰਘ, ਸ਼ਸ਼ੀ ਭਗਤ, ਨਰੇਸ਼ ਭਗਤ, ਅਮਿੱਤ ਭਗਤ, ਰਜਿੰਦਰ ਭਗਤ, ਰਾਕੇਸ਼ ਭਗਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।

ਜਲੰਧਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਉਮੀਦਵਾਰ ਪਵਨ ਕੁਮਾਰ ਟੀਨੂੰ ਅਤੇ 'ਆਪ' ਵਿਧਾਇਕ ਬਰਿੰਦਰ ਗੋਇਲ ਦੀ ਮੌਜੂਦਗੀ 'ਚ ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਸਵਾਗਤ ਕੀਤਾ।

ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜਲੰਧਰ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਡੱਟ ਕੇ ਖੜੇ ਹਨ।

2022 ਦੀਆਂ ਚੋਣਾਂ ਵਿੱਚ ਵੀ ਇੱਥੋਂ ਦੇ ਲੋਕਾਂ ਨੇ 'ਆਪ' ਦੇ ਉਮੀਦਵਾਰ ਨੂੰ ਜਿਤਾਇਆ ਸੀ, ਪਰ ਉਸ ਦੀ ਧੋਖਾਧੜੀ ਅਤੇ ਜਨਤਾ ਦੇ ਫ਼ਤਵੇ ਦਾ ਨਿਰਾਦਰ ਕਰਨ ਕਾਰਨ ਮੁੜ ਚੋਣਾਂ ਦੀ ਲੋੜ ਪੈ ਗਈ ਹੈ।



ਪਰ ਮੈਨੂੰ ਪੂਰਾ ਭਰੋਸਾ ਹੈ ਕਿ ਇਸ ਵਾਰ ਵੀ ਇੱਥੋਂ ਦੇ ਲੋਕ ਭਾਰੀ ਬਹੁਮਤ ਨਾਲ 'ਆਪ' ਉਮੀਦਵਾਰ ਮਹਿੰਦਰ ਭਗਤ ਨੂੰ ਜਿਤਾਉਣਗੇ ਅਤੇ ਧੋਖੇਬਾਜ਼ਾਂ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com





A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354


Punjabi Cultural Society Of Tracy Presents
ਤੀਆਂ ਦਾ ਮੇਲਾ
LADIES ONLY
4 ਅਗਸਤ, 2024, ਦਿਨ ਐਤਵਾਰ
I P F E S
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ ।
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
MART LIQUOR
SANSAR
dhaba Indian Cuisine
CASTLE WINTON PHARMACY
NorCal Liquors
NEW INDIAN FABRIC
CLEANERS
CITY AUTO
Two Guys
TANDOORI PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926


ਅਵਲਿ ਅਲਹ ਨੂਰੁ ਉਪਾਇਆ
ਕੁਦਰਤ ਕੇ ਸਭ ਬੰਦੇ । ।
ਏਕ ਨੂਰ ਤੇ ਸਭੁ ਜਗੁ ਉਪਜਿਆ
ਕਉਨ ਭਲੇ ਕੋ ਮੰਦੇ। ।੧॥
ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ॥
ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ
ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੁਰਬ ਸੰਬੰਧੀ
ਸਰਬੱਤ ਦੇ ਭਲੇ ਲਈ
ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ
09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ
ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ
09 ਅਗਸਤ, 2024
( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ )
11 ਅਗਸਤ, 2024
( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ )
ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ ।
ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |
ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506
SRI GURU RAVIDASS TEMPLE: 2150 CRESTVIEW DRIVE, PITTSBURG, CA 94565

# ਕੈਨੇਡਾ ਰਹਿੰਦੇ ਪੰਜਾਬ ਦੇ ਨੌਜਵਾਨ ਨੇ ਕੀਤੀ ਖ਼ੁਦਕੁਸ਼ੀ ਪਿਛਲੇ ਇੱਕ ਹਫ਼ਤੇ ਤੋਂ ਸੀ ਲਾਪਤਾ

**ਬਰੈਂਪਟਨ ਸਾਂਝੀ ਸੋਚ ਬਿਊਰੋ**




ਕੈਨੇਡਾ 'ਚ ਰਹਿ ਰਹੇ ਪੰਜਾਬ ਦੇ ਲੁਧਿਆਣਾ ਦੇ ਇੱਕ ਨੌਜਵਾਨ ਨੇ ਉੱਥੇ ਖ਼ੁਦਕੁਸ਼ੀ ਕਰ ਲਈ ਹੈ। ਕੈਨੇਡੀਅਨ ਪੁਲਿਸ ਨੇ ਨੌਜਵਾਨ ਦੀ ਖ਼ੁਦਕੁਸ਼ੀ ਦੀ ਪੁਸ਼ਟੀ ਕੀਤੀ ਹੈ। ਕੈਨੇਡਾ ਰਹਿੰਦੇ ਲੁਧਿਆਣਾ ਦੇ ਪਿੰਡ ਅੱਬੂਵਾਲ ਦਾ 22 ਸਾਲਾ ਚਰਨਜੀਤ ਪਿਛਲੇ ਇੱਕ ਹਫ਼ਤੇ ਤੋਂ ਲਾਪਤਾ ਸੀ। ਪਿਛਲੇ ਵੀਰਵਾਰ ਦੇ ਆਸ-ਪਾਸ ਉਸ ਨੇ ਆਪਣੇ ਦੋਸਤਾਂ ਨੂੰ ਨਿਆਗਰਾ ਫਾਲਜ਼ 'ਚ ਕੰਮ 'ਤੇ ਜਾਣ ਬਾਰੇ ਦੱਸਿਆ ਸੀ। ਚਰਨਜੀਤ ਉਸ ਦਿਨ ਤੋਂ ਵਾਪਸ ਨਹੀਂ ਆਇਆ।

ਪਿੰਡ ਵਿੱਚ ਰਹਿੰਦੇ ਉਸ ਦੇ ਪਰਿਵਾਰਕ ਮੈਂਬਰ ਹਰ ਰੋਜ਼ ਚਰਨਜੀਤ ਨਾਲ ਉਸ ਦੇ ਮੋਬਾਈਲ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕਰ ਰਹੇ ਸਨ ਪਰ ਉਸ ਦਾ ਮੋਬਾਈਲ ਫੋਨ ਵੀ ਬੰਦ ਆ ਰਿਹਾ ਸੀ। ਕੈਨੇਡੀਅਨ ਪੁਲਿਸ ਲਾਪਤਾ ਹੋਣ ਦੀ ਰਿਪੋਰਟ ਦਰਜ ਕਰਕੇ ਚਰਨਦੀਪ ਦੀ ਭਾਲ ਕਰ ਰਹੀ ਸੀ। ਕੈਨੇਡੀਅਨ ਪੁਲਿਸ ਅਨੁਸਾਰ ਚਰਨਜੀਤ ਸਿੰਘ ਨੇ ਨਿਆਗਰਾ ਫਾਲਜ਼ ਵਿੱਚ ਛਾਲ ਮਾਰ ਕੇ ਖ਼ੁਦਕੁਸ਼ੀ ਕੀਤੀ ਹੈ। ਹਾਲਾਂਕਿ ਨੌਜਵਾਨ ਦੀ ਖ਼ੁਦਕੁਸ਼ੀ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਚਰਨਜੀਤ ਦੇ ਦੋਸਤਾਂ ਨੇ ਉਸ ਦੀ ਲਾਸ਼ ਦੀ ਪਛਾਣ ਕਰ ਲਈ ਹੈ, ਪਰ ਕੈਨੇਡੀਅਨ ਪੁਲਿਸ ਨੇ ਕਿਹਾ ਹੈ ਕਿ ਡੀਐਨਏ ਟੈਸਟ ਤੋਂ ਬਾਅਦ ਲਾਸ਼ ਨੂੰ ਜਾਰੀ ਕੀਤਾ ਜਾਵੇਗਾ। ਚਰਨਦੀਪ ਨੇ ਆਪਣਾ ਮੋਬਾਈਲ ਫੋਨ ਇਕ ਪਾਸੇ ਰੱਖ ਲਿਆ ਸੀ ਅਤੇ ਨਿਆਗਰਾ ਫਾਲਜ਼ ਵਿਚ ਛਾਲ ਮਾਰ ਦਿੱਤੀ ਸੀ।

ਪਿੰਡ ਦੇ ਕਿਸਾਨ ਜ਼ੋਰਾ ਸਿੰਘ ਦਾ ਵੱਡਾ ਪੁੱਤਰ ਚਰਨਦੀਪ ਕਰੀਬ 10 ਮਹੀਨੇ ਪਹਿਲਾਂ ਸਟੱਡੀ ਵੀਜ਼ੇ 'ਤੇ ਕੈਨੇਡਾ ਦੇ ਸ਼ਹਿਰ ਬਰੈਂਪਟਨ ਗਿਆ ਸੀ। ਜ਼ੋਰਾ ਸਿੰਘ ਨੇ ਕਰਜ਼ਾ ਲੈ ਕੇ ਆਪਣੇ ਬੇਟੇ ਦੇ ਉੱਜਵਲ ਭਵਿੱਖ ਲਈ ਕੈਨੇਡਾ ਭੇਜ ਦਿੱਤਾ ਸੀ ਪਰ ਉਸ ਨੂੰ ਇਸ ਗੱਲ ਦਾ ਕੋਈ ਅੰਦਾਜ਼ਾ ਨਹੀਂ ਸੀ ਕਿ ਉਸ ਦਾ ਪੁੱਤਰ ਅਜਿਹਾ ਭਿਆਨਕ ਕਦਮ ਚੁੱਕੇਗਾ। ਪਿੰਡ ਅਤੇ ਪਰਿਵਾਰ ਵਿੱਚ ਸੋਗ ਦਾ ਮਾਹੌਲ ਹੈ।

ਜ਼ੋਰਾ ਸਿੰਘ ਨੇ ਦੱਸਿਆ ਕਿ ਚਰਨਦੀਪ ਹਰ ਰੋਜ਼ ਘਰ ਫੋਨ ਕਰਦਾ ਸੀ। ਜਦੋਂ ਕਈ ਦਿਨਾਂ ਤੱਕ ਉਸ ਦਾ ਫੋਨ ਨਹੀਂ ਆਇਆ ਤਾਂ ਉਸ ਨੇ ਆਪਣੇ ਦੋਸਤਾਂ ਦੇ ਨੰਬਰ ਲੈ ਕੇ ਉਨ੍ਹਾਂ ਨੂੰ ਫੋਨ ਕੀਤਾ। ਬਰੈਂਪਟਨ 'ਚ ਕਿਰਾਏ ਦੇ ਮਕਾਨ 'ਚ ਰਹਿੰਦੇ ਚਰਨਜੀਤ ਸਿੰਘ ਦੇ ਤਿੰਨ ਦੋਸਤਾਂ ਨੇ ਦੱਸਿਆ ਕਿ ਚਰਨਦੀਪ ਵੀਰਵਾਰ ਸਵੇਰੇ ਕੰਮ 'ਤੇ ਜਾਣ ਦਾ ਕਹਿ ਕੇ ਨਿਆਗਰਾ ਫਾਲਸ 'ਤੇ ਗਿਆ ਸੀ ਅਤੇ ਵਾਪਸ ਨਹੀਂ ਆਇਆ।

ਪਿਤਾ ਨੇ ਆਪਣੇ ਇੱਕ ਰਿਸ਼ਤੇਦਾਰ ਰਾਹੀਂ ਕੈਨੇਡੀਅਨ ਪੁਲਿਸ ਨੂੰ ਸੂਚਿਤ ਕੀਤਾ, ਜਿਸ ਤੋਂ ਬਾਅਦ ਚਰਨਦੀਪ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ ਗਈ ਅਤੇ ਉਸਦੀ ਭਾਲ ਕੀਤੀ ਜਾ ਰਹੀ ਹੈ। ਜ਼ੋਰਾ ਸਿੰਘ ਦੀ ਇੱਕ ਛੋਟੀ ਬੇਟੀ ਵੀ ਹੈ। ਬੇਟੇ ਦੀ ਮੌਤ ਦੀ ਖਬਰ ਤੋਂ ਬਾਅਦ ਪਰਿਵਾਰ ਸੋਗ ਵਿੱਚ ਹੈ। ਚਰਨਜੀਤ ਦੀ ਮਾਂ ਬਿੰਦਰ ਕੌਰ ਅਤੇ ਭੈਣ ਦਾ ਬੁਰਾ ਹਾਲ ਹੈ ਅਤੇ ਰੋ ਰਹੀ ਹੈ। ਪਿੰਡ ਦੇ ਲੋਕ ਅਤੇ ਰਿਸ਼ਤੇਦਾਰ ਵੀ ਪਰਿਵਾਰ ਨੂੰ ਦਿਲਾਸਾ ਦੇ ਰਹੇ ਹਨ।

# "ਕਿਛ ਸੁਣੀਐ ਕਿਛੁ ਕਹੀਐ" ਸਮਾਗਮ ਤਹਿਤ ਸ਼ਾਇਰ ਅਤੇ ਕਾਲਮ ਨਵੀਸ ਸ਼ੁਸੀਲ ਦੁਸਾਂਝ ਨਾਲ ਰਚਾਇਆ ਸਹਿਤਕ ਸੰਵਾਦ



**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਜਨਵਾਦੀ ਲੇਖਕ ਸੰਘ ਵਲੋਂ ਅਰੰਭੀ "ਕਿਛ ਸੁਣੀਐ ਕਿਛੁ ਕਹੀਐ" ਸਮਾਗਮਾਂ ਦੀ ਲੜੀ ਦੇ ਅੰਤਰਗਤ ਪੰਜਾਬੀ ਰਸਾਲੇ "ਹੁਣ" ਦੇ ਸੰਪਾਦਕ, ਪ੍ਰਮੁੱਖ ਸ਼ਾਇਰ ਅਤੇ ਕਾਲਮ ਨਵੀਸ ਸ਼ੁਸੀਲ ਦੁਸਾਂਝ ਨਾਲ ਸਹਿਤਕ ਸੰਵਾਦ ਰਚਾਇਆ ਗਿਆ।

ਸਥਾਨਕ ਆਤਮ ਪਬਲਿਕ ਸਕੂਲ ਇਸਲਾਮਾਬਾਦ ਵਿਖੇ ਹੋਏ ਇਸ ਅਦਬੀ ਸਮਾਗਮ ਦਾ ਆਗਾਜ਼ ਮੋਹਿਤ ਸਹਿਦੇਵ ਦੇ ਸਵਾਗਤੀ ਸਬਦਾਂ ਨਾਲ ਹੋਇਆ। ਸਮਾਗਮ ਦੇ ਕਨਵੀਨਰ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਸ਼ੁਸੀਲ ਦੁਸਾਂਝ ਦੀਆਂ ਪੁਸਤਕਾਂ "ਆਖਾਂ ਜੀਵਾਂ" ਅਤੇ ਪੀਲੀ ਧਰਤੀ ਕਾਲਾ ਅੰਬਰ" ਦੇ ਹਵਾਲੇ ਨਾਲ ਜਾਣ ਪਛਾਣ ਕਰਵਾਉਂਦਿਆਂ ਕਿਹਾ ਕਿ ਅਜਿਹੇ ਸਾਹਿਤਕ ਸਮਾਗਮ ਲੇਖਕ ਅਤੇ ਪਾਠਕ ਦੀ ਸਹਿਤਕ ਸਾਂਝ ਦਾ ਸੱਬਬ ਬਣਦੇ ਹਨ। ਸ਼ੁਸੀਲ ਦੁਸਾਂਝ ਨੇ ਅਜੋਕੀ ਰਾਜਨੀਤੀ ਤੇ ਚੋਟ ਕਰਦੀ ਆਪਣੀ ਬਹੁ-ਚਰਚਿਤ ਗ਼ਜ਼ਲ "ਬੜੀ ਜ਼ਰ-ਜ਼ਰ ਹੋਈ ਕਿਸ਼ਤੀ ,ਮਲਾਹ ਸੁਸਤਉਣ ਲੱਗਾ ਹੈ" ਖੂਬਸੂਰਤ ਅੰਦਾਜ਼ ਵਿਚ ਪੇਸ਼ ਕਰਦਿਆਂ ਕਿਹਾ ਕਿ ਵੱਡੇ ਸਾਹਿਤਕਾਰਾਂ ਦੀ ਸੰਗਤ ਅਤੇ ਸਾਂਝ ਨੇ ਉਹਨਾਂ ਅੰਦਰ ਸਾਹਿਤਕ ਪੱਤਰਕਾਰੀ ਦੀ ਲਲਕ ਪੈਦਾ ਕੀਤੀ ਸੀ। ਕਾਲਮ ਨਵੀਸ ਅਮਰਜੀਤ ਸਿੰਘ ਸਿੱਧੂ ਅਤੇ ਤਰਲੋਚਨ ਸਿੰਘ ਤਰਨਤਾਰਨ ਨੇ ਆਪਣੀ ਸਾਂਝ ਦੀ ਤੰਦ ਦੇ ਹਵਾਲੇ ਨਾਲ ਦਸਿਆ ਕਿ ਸ਼ੁਸੀਲ ਦੁਸਾਂਝ ਦੀਆਂ ਦੋਸਤੀਆਂ ਦਾ ਘੇਰਾ "ਹੁਣ" ਪਰਚੇ ਕਰਕੇ ਹੋਰ ਵੀ ਵਿਸ਼ਾਲ ਹੋਇਆ ਹੈ। ਹਰਜੀਤ ਸਿੰਘ ਸੰਧੂ ਅਤੇ ਵਜ਼ੀਰ ਸਿੰਘ ਰੰਧਾਵਾ ਨੇ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਅਦਬੀ ਸਾਂਝ ਦੇ ਨਾਲ ਨਾਲ ਨਵੇਂ ਲੇਖਕ ਉਤਸ਼ਾਹਤ ਵੀ ਹੁੰਦੇ ਹਨ। ਡਾ ਕਸ਼ਮੀਰ ਸਿੰਘ ਨੇ ਆਏ ਅਦੀਬਾਂ ਦਾ ਧੰਨਵਾਦ ਕਰਦਿਆਂ ਅਜਿਹੇ ਸਮਾਗਮਾਂ ਦੀ ਨਿਰੰਤਰਤਾ ਦੀ ਹਾਮੀ ਭਰੀ।

ਹੋਰਨਾਂ ਤੋਂ ਇਲਾਵਾ ਪਰਮਜੀਤ ਕੌਰ, ਕਮਲਜੋਤ, ਨਵਦੀਪ, ਕਿਰਨਜੋਤ, ਸੰਦੀਪ, ਜਾਨਵੀ,ਸੁਮਨ ਅਤੇ ਪ੍ਰੀਤੀ ਤੋਂ ਇਲਾਵਾ ਅਧਿਆਪਕ ਅਤੇ ਸਾਹਿਤਕਾਰ ਹਾਜਰ ਸਨ।






ARES LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

**ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ**

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

ARES
REALTY
Residential | Commercial | Investment



Thinking
Of Selling Or
Buying A Home ?

ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# EXIT REALTY CONSULTANTS


150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122
Office : 209-823-1234

www.RamanBassi.EXITHOME.COM
RBassi@EXITHOME.com

## ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



**Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ**

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




**e-Baba Entertainment App ਨੂੰ Download ਕਰੋ।**

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




**ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।**


Surjit Singh Flora
6 Havelock Drive
Brampton, Canada
647-829-9397

# ਬਰੈਂਪਟਨ ’ਚ ਬਜੁਰਗਾਂ ਦੇ ਮਾਰਗ ਦਰਸ਼ਕ ਅਤੇ ਪ੍ਰੇਰਨਾ ਸਰੋਤ- ਮੱਘਰ ਸਿੰਘ



21 ਜੂਨ, 2024 ਨੂੰ, ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਵਲੋਂ ਅਗਲੇ ਦੋ ਸਾਲਾਂ ਲਈ ਕਲੱਬ ਦੇ ਸੰਚਾਲਨ ਲਈ ਇੱਕ ਮਹੱਤਵਪੂਰਨ ਕਾਰਜਕਾਰੀ ਕਮੇਟੀ ਲਈ ਚੋਣ ਕਰਵਾਈ ਗਈ। ਵੋਟਿੰਗ ਪ੍ਰਕਿਰਿਆ ਵਿੱਚ ਤਕਰਬੀਨ 40 ਮੈਂਬਰਾਂ ਦੇ ਭਾਗ ਲਿਆਂ, ਨਤੀਜੇ ਨੇ ਬਰੈਂਪਟਨ ਦੇ ਇੱਕ ਮਾਣਮੱਤੇ ਸੱਭਿਆਚਾਰਕ ਅਦਾਰੇ ਦੇ ਲੀਡਰਸ਼ਿਪ ਲੈਂਡਸਕੇਪ ਨੂੰ ਆਕਾਰ ਦਿੱਤਾ ਹੈ।

ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਨਵੀਂ ਚੁਣੀ ਗਈ ਕਾਰਜਕਾਰੀ ਕਮੇਟੀ ਵਿੱਚ ਉਹ ਵਿਅਕਤੀ ਸ਼ਾਮਲ ਹੁੰਦੇ ਹਨ ਜੋ ਆਪਣੀਆਂ ਭੂਮਿਕਾਵਾਂ ਲਈ ਬਹੁਤ ਸਾਰੇ ਅਨੁਭਵ ਅਤੇ ਵਚਨਬੱਧਤਾ ਲਿਆਉਂਦੇ ਹਨ:

ਮੱਘਰ ਸਿੰਘ ਨੇ 2001 ਤੋਂ ਕਲੱਬ ਪ੍ਰਤੀ ਆਪਣਾ ਲੰਮੇ ਸਮੇਂ ਦੇ ਸਮਰਪਣ ਨੂੰ ਜਾਰੀ ਰੱਖਦੇ ਹੋਏ ਪ੍ਰਧਾਨ ਦਾ ਅਹੁਦਾ ਸੰਭਾਲਿਆ। ਮੱਘਰ ਸਿੰਘ ਦੀ ਦੁਬਾਰਾ ਚੋਣ ਕਲੱਬ ਮੈਂਬਰਾਂ ਵਿੱਚ ਉਸਦੀ ਸਥਾਈ ਲੋਕਪ੍ਰਿਯਤਾ ਅਤੇ ਵਿਸ਼ਵਾਸ ਦੀ ਪੁਸ਼ਟੀ ਕਰਦੀ ਹੈ, ਪਿਛਲੀਆਂ ਚੋਣਾਂ ਵਿੱਚ ਸਰਬਸੰਮਤੀ ਨਾਲ ਸਮਰਥਨ ਦੁਆਰਾ ਲਗਾਤਾਰ ਪ੍ਰਧਾਨ ਵਜੋਂ ਸੇਵਾ ਨਿਭਾਉਂਦੇ ਹੋਏ।

ਇਹਨਾਂ ਚੋਣਾ ਦੌਰਾਨ ਜਿਥੇ ਮੱਘਰ ਸਿੰਘ ਪਿੱਛਲੇਂ 23 ਸਾਲਾਂ ਤੋਂ ਪ੍ਰਧਾਨਗੀ ਦੇ ਅਹੁਦੇ ਤੇ ਰਹਿ ਕਿ ਕਲੱਬ ਦੀ ਸੇਵਾ ਕਰ ਰਹੇ ਹਨ , ਉਥੇ ਹੁਣ ਹਰਜੀਤ ਸਿੰਘ ਸਿੱਧੂ ਨੇ ਮੀਤ ਪ੍ਰਧਾਨ ਦੀ ਭੂਮਿਕਾ ਵਿੱਚ ਕਦਮ ਰੱਖਿਆ ਹੈ, ਪ੍ਰਧਾਨ ਅਤੇ ਕਲੱਬ ਦੇ ਉਦੇਸ਼ਾਂ ਦਾ ਸਮਰਥਨ ਕਰਨ ਲਈ ਆਪਣੀ ਊਰਜਾ ਅਤੇ ਦ੍ਰਿਸ਼ਟੀ ਨੂੰ ਬਾਖੂਬੀ ਨਿਭਾਉਣਗੇ। ਜਿਥੇ ਕਿ ਸੋਹਣ ਸਿੰਘ ਪਰਮਾਰ ਨੇ ਜਨਰਲ ਸਕੱਤਰ ਦੀਆਂ ਜ਼ਿੰਮੇਵਾਰੀਆਂ ਸੰਭਾਲੀਆਂ, ਕਲੱਬ ਦੇ ਸੰਚਾਲਨ ਲਈ ਮਹੱਤਵਪੂਰਨ ਪ੍ਰਬੰਧਕੀ ਮਾਮਲਿਆਂ ਦੀ ਨਿਗਰਾਨੀ ਕਰਨ ਦਾ ਕੰਮ ਕਰਦੇ ਆ ਰਹੇ ਹਨ ਜਿਸ ਨੂੰ ਉਹ ਨਿਰੰਤਰ ਜਾਰੀ ਰੱਖਣਗੇ।

ਗੱਜਣ ਸਿੰਘ ਗਰੇਵਾਲ ਸਕੱਤਰ ਵਜੋਂ ਸ਼ਾਮਲ ਹੋਏ ਹਨ, ਕਲੱਬ ਦੇ ਅੰਦਰ ਸੁਚਾਰੂ ਸੰਚਾਰ ਅਤੇ ਤਾਲਮੇਲ ਨੂੰ ਯਕੀਨੀ ਬਣਾਉਣ ਲਈ ਆਪਣੇ ਸੰਗਠਨਾਤਮਕ ਹੁਨਰ ਦਾ ਯੋਗਦਾਨ ਪਾਉਣਗੇ ਅਤੇ ਗੁਰਦਰਸ਼ਨ ਸਿੰਘ ਸੋਮਲ ਨੇ ਖਜ਼ਾਨਚੀ ਦੀ ਭੂਮਿਕਾ ਨਿਭਾਈ, ਜਿਸ ਨੂੰ ਕਲੱਬ ਦੀ ਵਿੱਤੀ ਸਿਹਤ ਅਤੇ ਸਰੋਤਾਂ ਦਾ ਪ੍ਰਬੰਧਨ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਮਹਿੰਦਰ ਸਿੰਘ ਗਿੱਲ ਆਡੀਟਰ ਵਜੋਂ ਕੰਮ ਕਰਦਾ ਹੈ, ਜੋ ਵਿੱਤੀ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਨਿਭਾਉਣਗੇ।

ਇਸ ਤੋਂ ਇਲਾਵਾ ਨਵੇਂ ਚੁਣੇ ਗਏ ਡਾਇਰੈਕਟਰਾਂ ਵਿੱਚ ਸ਼ਮਸ਼ੇਰ ਸਿੰਘ ਬਾਠ, ਭਜਨ ਸਿੰਘ ਰੰਧਾਵਾ, ਜਗਦੇਵ ਸਿੰਘ ਅਟਵਾਲ, ਮਿਹਰਵੰਤ ਸਿੰਘ ਗਿੱਲ ਅਤੇ ਦਵਿੰਦਰ ਸਿੰਘ ਸ਼ਾਮਲ ਹਨ। ਹਰੇਕ ਨਿਰਦੇਸ਼ਕ ਵਿਲੱਖਣ ਦ੍ਰਿਸ਼ਟੀਕੋਣ ਅਤੇ ਮੁਹਾਰਤ ਲਿਆਉਂਦਾ ਹੈ ਜੋ ਕਲੱਬ ਦੀਆਂ ਪਹਿਲਕਦਮੀਆਂ ਅਤੇ ਕਮਿਊਨਿਟੀ ਆਊਟਰੀਚ ਯਤਨਾਂ ਨੂੰ ਭਰਪੂਰ ਕਰੇਗਾ।

ਪ੍ਰਧਾਨ ਮੱਘਰ ਸਿੰਘ ਦੀ ਮੁੜ ਚੋਣ ਉਨ੍ਹਾਂ ਦੇ ਨਿਰੰਤਰ ਸਮਰਪਣ ਅਤੇ ਪ੍ਰਭਾਵਸ਼ਾਲੀ ਲੀਡਰਸ਼ਿਪ ਨੂੰ ਉਜਾਗਰ ਕਰਦੀ ਹੈ, ਜੋ ਕਲੱਬ ਦੀ ਚੱਲ ਰਹੀ ਸਫਲਤਾ ਅਤੇ ਵਿਕਾਸ ਲਈ ਇੱਕ ਲੱਮਾਂ ਪੈਂਡਾ ਤਹਿ ਕਰਦੀ ਹੈ। 5 ਅਕਤੂਬਰ, 1934 ਨੂੰ ਪਿੰਡ ਬੁਰਜ, ਜ਼ਿਲ੍ਹਾ ਲੁਧਿਆਣਾ, ਪੰਜਾਬ, ਭਾਰਤ ਵਿੱਚ ਜਨਮੇ ਮੱਘਰ ਸਿੰਘ ਦਾ ਸਫ਼ਰ ਸਮਾਜ ਸੇਵਾ ਅਤੇ ਲੀਡਰਸ਼ਿਪ ਪ੍ਰਤੀ ਦ੍ਰਿੜ ਵਚਨਬੱਧਤਾ ਦੁਆਰਾ ਦਰਸਾਇਆ ਗਿਆ ਹੈ। ਆਪਣੀ ਸਿੱਖਿਆ ਪੂਰੀ ਕਰਨ ਤੋਂ ਬਾਅਦ, ਉਸਨੇ ਕਈ ਦਹਾਕੇ ਲੋਕ ਸੇਵਾ ਨੂੰ ਸਮਰਪਿਤ ਕੀਤੇ, 1956 ਵਿੱਚ ਆਬਕਾਰੀ ਅਤੇ ਕਰ ਵਿਭਾਗ ਵਿੱਚ ਭਰਤੀ ਹੋਏ ਅਤੇ ਆਪਣੇ ਜਨਮ ਦਿਨ, ਅਕਤੂਬਰ 5, 1992 ਨੂੰ ਸੇਵਾਮੁਕਤ ਹੋਏ।

1994 ਵਿੱਚ, ਮੱਘਰ ਸਿੰਘ ਨੇ ਕੈਨੇਡਾ ਵਿੱਚ ਇੱਕ ਨਵਾਂ ਅਧਿਆਏ ਸ਼ੁਰੂ ਕੀਤਾ, 24 ਜੁਲਾਈ ਨੂੰ ਦੇਸ਼ ਵਿੱਚ ਪਰਵਾਸ ਕੀਤਾ। ਕਮਿਊਨਿਟੀ ਅਤੇ ਸੱਭਿਆਚਾਰ ਲਈ ਉਸਦੇ ਜਨੂੰਨ ਨੇ ਉਸਨੂੰ 2001 ਵਿੱਚ ਸਥਾਨਕ ਗੁਰਦੁਆਰੇ ਦੇ ਦੌਰੇ ਦੌਰਾਨ ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਦੀ ਖੋਜ਼ ਕਰਨ ਲਈ ਅਗਵਾਈ ਕੀਤੀ, ਜਿੱਥੇ ਉਹ ਜਲਦੀ ਹੀ ਇੱਕ ਅਨਿੱਖੜਵਾਂ ਮੈਂਬਰ ਬਣ ਗਿਆ।

ਲੀਡਰਸ਼ਿਪ ਸੰਭਾਲਦਿਆਂ ਹੀ ਮੱਘਰ ਸਿੰਘ ਨੇ ਕਲੱਬ ਦੀ ਕਿਸਮਤ ਬਦਲ ਦਿੱਤੀ, ਜੋ ਉਸ ਸਮੇਂ ਸੰਘਰਸ਼ ਕਰ ਰਹੀ ਸੀ। ਉਸਦੀ ਦੂਰਦਰਸ਼ੀ ਅਗਵਾਈ ਅਤੇ ਸਮਰਪਣ ਨੇ ਸੰਸਥਾ ਨੂੰ ਮੁੜ ਸੰਜ਼ੀਵਨੀ ਬੂਟੀ ਦਾ ਕੰਮ ਕਰਦੇ ਹੋਏ ਸੁਰਜੀਤ ਕੀਤਾ, ਉਹਨਾਂ ਨੇ ਬਰੈਂਪਟਨ ਵਿੱਚ ਬਜ਼ੁਰਗਾਂ ਲਈ ਇੱਕ ਜੀਵੰਤ ਹੱਬ ਕਾਇਮ ਕਰ ਦਿੱਤਾ। ਉਸਦੀ ਅਗਵਾਈ ਹੇਠ, ਕਲੱਬ ਨੇ ਸਾਲਾਂ ਦੌਰਾਨ 15 ਸੀਨੀਅਰ ਫਨ ਫੇਅਰ ਮੇਲਿਆਂ, ਕਈ ਯਾਤਰਾਵਾਂ, ਵਰਕਸ਼ਾਪਾਂ, ਅਤੇ ਰੁਝੇਵੇਂ ਵਾਲੀਆਂ ਗਤੀਵਿਧੀਆਂ ਦੀ ਮੇਜ਼ਬਾਨੀ ਅਤੇ ਆਯੋਜਨ ਕੀਤੇ ਹਨ।

ਮੱਘਰ ਸਿੰਘ ਦਾ ਪ੍ਰਭਾਵ ਸਿਰਫ਼ ਸਮਾਗਮਾਂ ਦੇ ਆਯੋਜਨ ਤੋਂ ਪਰੇ ਹੈ। ਉਸਨੇ ਬਜ਼ੁਰਗਾਂ ਵਿੱਚ ਆਪਸੀ ਸਾਂਝ ਦੀ ਭਾਵਨਾ ਪੈਦਾ ਕੀਤੀ ਹੈ, ਜੀਵਨ ਪ੍ਰਤੀ ਉਹਨਾਂ ਦੇ ਨਜ਼ਰੀਏ ਨੂੰ ਬਦਲਿਆ ਹੈ ਅਤੇ ਸਮਾਜਿਕ ਪਰਸਪਰ ਪ੍ਰਭਾਵ ਅਤੇ ਆਪਸੀ ਸਹਿਯੋਗ ਲਈ ਇੱਕ ਸੁਆਗਤ ਸਥਾਨ ਬਣਾਇਆ ਹੈ। ਕਮਿਊਨਿਟੀ ਸੇਵਾ ਪ੍ਰਤੀ ਉਸਦੀ ਵਚਨਬੱਧਤਾ ਬਜ਼ੁਰਗਾਂ ਨੂੰ ਨੌਕਰਸ਼ਾਹੀ ਪ੍ਰਕਿਰਿਆਵਾਂ ਨੂੰ ਨੈਵੀਗੇਟ ਕਰਨ, ਅਰਜ਼ੀਆਂ ਭਰਨ, ਅਤੇ ਉਹਨਾਂ ਦੀਆਂ ਲੋੜਾਂ ਦੀ ਵਕਾਲਤ ਕਰਨ ਵਿੱਚ ਮਦਦ ਕਰਨ ਵਿੱਚ ਉਸਦੀ ਸਹਾਇਤਾ ਦੁਆਰਾ ਹੋਰ ਪ੍ਰਦਰਸ਼ਿਤ ਕੀਤੀ ਜਾਂਦੀ ਹੈ।

ਉਹ ਨਵੇਂ ਆਏ ਪੰਜਾਬ ਤੋਂ ਬਜੁਰਗਾਂ ਲਈ ਬਹੁਤ ਲਾਹੇਬੰਦ ਸਾਬਿਤ ਹੁੰਦੇ ਹਨ ਜਿਥੇ ਉਹ ਉਹਨਾਂ ਨੂੰ ਆਪਣਾ ਜੀਵਨ ਸ਼ੁਰੂ ਕਰਨ ਲਈ ਹਰ ਤਰ੍ਹਾਂ ਦੇ ਪੇਪਰ ਭਰ ਕੇ ਦਿੰਦੇ ਹਨ। ਜਿਵੇਂ ਕਿ ਹੈਲਥ ਕਾਰਡ, ਸ਼ੋਸਲ ਇੰਨਸ਼ੋਰਸਨ ਕਾਰਡ, ਤੇ ਦਵਾਇਆ ਆਦਿ ਦੇ ਕਾਰਨ ਪ੍ਰਾਪਤ ਕਰਨ ਦੀ ਸੇਵਾ ਲਈ ਹਮੇਸ਼ਾ ਤੱਤ ਪਰ ਰਹੇ ਹਨ।

ਵਕਾਲਤ ਅਤੇ ਭਾਈਵਾਲੀ ਦੀ ਮਹੱਤਤਾ ਨੂੰ ਪਛਾਣਦੇ ਹੋਏ, ਮੱਘਰ ਸਿੰਘ ਨੇ ਕਲੱਬ ਲਈ ਗ੍ਰਾਂਟਾਂ ਅਤੇ ਲਾਭਾਂ ਨੂੰ ਸੁਰੱਖਿਅਤ ਕਰਨ ਲਈ ਸੰਸਦ ਦੇ ਮੈਂਬਰਾਂ ਅਤੇ ਸ਼ਹਿਰ ਦੇ ਕੌਂਸਲਰਾਂ ਨਾਲ ਸਰਗਰਮੀ ਨਾਲ ਨੈਟਵਰਕ ਕੀਤਾ ਹੈ। ਇਹਨਾਂ ਯਤਨਾਂ ਨੇ ਬਜ਼ੁਰਗਾਂ ਨੂੰ ਭਰਪੂਰ ਅਨੁਭਵਾਂ ਅਤੇ ਵਧੀਆਂ ਸਹੂਲਤਾਂ ਦਾ ਆਨੰਦ ਲੈਣ ਦੇ ਯੋਗ ਬਣਾਇਆ ਹੈ।

ਕੋਵਿਡ-19 ਮਹਾਂਮਾਰੀ ਦੇ ਚੁਣੌਤੀਪੂਰਨ ਸਮੇਂ ਦੌਰਾਨ ਮੱਘਰ ਸਿੰਘ ਦੀ ਅਗਵਾਈ ਨੇ ਹਰ ਸੀਨੀਅਰਜ਼ ਪੂਰਾ ਪੂਰਾ ਸਹਿਯੋਗ ਦਿਤਾ। ਉਸਨੇ ਟੀਕਾਕਰਨ ਦੀ ਸਹੂਲਤ ਦਿੱਤੀ ਅਤੇ ਬਜ਼ੁਰਗਾਂ ਨੂੰ ਜ਼ਰੂਰੀ ਸਹਾਇਤਾ ਪ੍ਰਦਾਨ ਕੀਤੀ, ਇਹ ਯਕੀਨੀ ਬਣਾਉਂਦੇ ਹੋਏ ਕਿ ਉਨ੍ਹਾਂ ਨੂੰ ਮਹਾਂਮਾਰੀ ਦੇ ਮੁਸ਼ਕਲ ਪੜਾਵਾਂ ਦੌਰਾਨ ਲੋੜੀਂਦੀ ਸਹਾਇਤਾ ਪ੍ਰਾਪਤ ਹੋਵੇ। ਮੱਘਰ ਸਿੰਘ ਦੀ ਯਾਤਰਾ ਲਚਕੀਲੇਪਣ, ਭਾਈਚਾਰਕ ਭਾਵਨਾ ਅਤੇ ਅਟੁੱਟ ਸਮਰਪਣ ਦਾ ਪ੍ਰਮਾਣ ਹੈ। ਉਸਦੇ ਯੋਗਦਾਨ ਨੇ ਨਾ ਸਿਰਫ ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਨੂੰ ਬਦਲਿਆ ਹੈ ਬਲਕਿ ਕਮਿਊਨਿਟੀ ਦੇ ਅਣਗਿਣਤ ਬਜ਼ੁਰਗਾਂ ਦੇ ਜੀਵਨ ਨੂੰ ਵੀ ਅਮੀਰ ਬਣਾਇਆ ਹੈ। ਜਿਵੇਂ ਕਿ ਉਹ ਜਨੂੰਨ ਅਤੇ ਉਦੇਸ਼ ਨਾਲ ਅਗਵਾਈ ਕਰਨਾ ਜਾਰੀ ਰੱਖਦਾ ਹੈ ਮੱਘਰ ਸਿੰਘ ਸਾਰਿਆਂ ਲਈ ਮਾਰਗ ਦਰਸ਼ਕ ਅਤੇ ਪ੍ਰੇਰਨਾ ਸਰੋਤ ਬਣੇ ਹੋਏ ਹਨ। ਜਿਸ ਨੂੰ ਸਾਰੇ ਕਲੱਬ ਮੈਂਬਰ ਹੀ ਨਹੀਂ ਬੱਲਕੇ ਸਾਰੇ ਪੰਜਾਬੀ ਭਾਈਚਾਰੇ ਵਲੋਂ ਬਰੈਂਪਟਨ ਵਿਚ ਸਲਾਹਿਆਂ ਜਾਂਦਾ ਹੈ।






ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

# HOPE IMMIGRATION

Where Hope Meets

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ




## ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

## ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

**Our Locations :-**

**Delhi | Merced | Madera | Santa Nella**
**Tracy | San Fransisco | Corning**

**Old Truck Stop Gemco Ripon Next to Flying J, Santos Ave ਦੇ ਉੱਤੇ**



**Find nearest Location & Hours**

**Call at 1800-405-9274 or visit our website for**
credit application to open credit account with our company

**ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ**
**ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ**

**Tire Shop, Repair Shop, Oil & Lube Shop available on our locations**

**Website:- www.aaatruckwash.com**

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH



LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA



ਸਾਂਝੀ ਸੋਚ
ਸਰਬਜੀਤ ਸਿੰਘ
ਜਰਮਨੀ

# ਰੀਲਾਂ ! ਰੀਲਾਂ ! ਰੀਲਾਂ !

ਨੰਗੀਆਂ ਰੀਲਾਂ ਬੰਦ ਕਰੋ !
ਪੰਜਾਬਣੋ ਕੁਝ ਤੇ ਸੰਗ ਕਰੋ !

ਜਦੋ ਵੀ ਪੰਜਾਬੀ ਸੱਭਿਆਚਾਰ ਵਿੱਚ ਗੱਲ ਕਿਸੇ ਔਰਤ ਦੇ ਵਜੂਦ, ਇੱਜ਼ਤ ਦੀ ਆਉਂਦੀ ਹੈ ਇਸ ਨੂੰ ਮਰਦ ਨਾਲੋਂ ਜ਼ਿਆਦਾ ਅਹਿਮੀਅਤ ਦਿੱਤੀ ਜਾਂਦੀ ਹੈ। ਭਾਵੇ ਮਰਦ ਪ੍ਰਧਾਨ ਸਮਾਜ ਦਾ ਬੋਲਬਾਲਾ ਹੋਣ ਦਾ ਹੋਕਾ ਦਿੱਤਾ ਜਾਂਦਾ ਹੈ ਪਰ ਅੱਜ ਦੀ ਔਰਤ ਦਾ ਵੱਧ ਰਿਹਾ ਭ੍ਰਿਸ਼ਟ ਸੁਭਾਅ ਮਰਦ ਨੂੰ ਹਰ ਪੱਖੋਂ ਦੱਬੇ/ਪਿੱਛੇ ਰਹਿ ਜਾਣ ਲਈ ਮਜਬੂਰ ਹੁੰਦਾ ਦਿਖਾਈ ਦਿੰਦਾ ਹੈ। ਔਰਤ ਨੂੰ ਸਾਡੇ ਗੁਰੂ ਨਾਨਕ ਦੇਵ ਜੀ ਨੇ ਜਗਤ ਜਨਨੀ ਕਹਿ ਕੇ ਸਲਾਹਿਆ ਹੈ। ਸਾਡੇ ਦਸਮ ਪਿਤਾ ਧੰਨ ਧੰਨ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਅੰਮ੍ਰਿਤ ਛਕਾਉਣ ਸਮੇਂ, ਖ਼ਾਲਸਾ ਪੰਥ ਸਜਾਉਣ ਸਮੇਂ, ਸਿੱਖਾਂ ਨੂੰ ਵੱਖਰੀ ਸ਼ਕਤੀ ਦੇਣ ਸਮੇਂ ਪੰਜ ਪਿਆਰਿਆਂ ਦੇ ਨਾਲ ਕੇਵਲ ਤੇ ਕੇਵਲ ਇੱਕ ਔਰਤ ਮਾਤਾ ਸਾਹਿਬ ਕੌਰ ਜੀ ਤੋਂ ਵਾਟੇ ਵਿੱਚ ਪਤਾਸੇ ਪਵਾ ਕੇ “ ”ਕੌਰ”” ਨਾਂ ਦਾ ਇੱਕ ਵੱਖਤਾ ਰੁਤਬਾ, ਤਾਜ, ਮਾਣ ਸਤਿਕਾਰ ਦਿੱਤਾ ਹੈ। ਜਿਸ ਨੂੰ ਅੱਜ ਤੱਕ ਹਰ ਸਿੱਖ ਔਰਤ ਆਪਣੇ ਨਾਮ ਨਾਲ ਲਾ ਕੇ ਦੁਨੀਆ ਭਰ ਦੀਆਂ ਔਰਤਾਂ ਤੋਂ ਵੱਖਰੀ, ਕੁਝ ਖਾਸ, ਬਹੁਤ ਸ਼ਕਤੀ ਭਗਤੀ ਵਾਲੀ ਮਹਿਸੂਸ ਕਰਦੀ ਆਈ ਹੈ।

ਸਮੇਂ ਸਮੇਂ ਤੇ ਸਾਡੇ ਸਿੰਘ ਸਹਿਬਾਨਾ ਨੇ ਔਰਤਾਂ ਦੀ ਇੱਜ਼ਤ ਬਚਾਉਣ ਲਈ ਦੇਸ਼ ਵਿਦੇਸ਼ ਵਿੱਚ ਜਾ ਕੇ ਸਮੇਂ ਸਮੇਂ ਕੁਰਬਾਨੀਆਂ ਕੀਤੀਆਂ ਹਨ। ਮਹਾਰਾਜਾ ਰਣਜੀਤ ਸਿੰਘ ਜੀ ਨੇ ਗਜਨੀ ਤੱਕ ਜਾ ਕੇ ਔਰਤਾਂ ਦੀ ਰਾਖੀ ਕੀਤੀ ਤੇ ਦੁਸ਼ਟਾ ਤੋਂ ਬਚਾਅ ਕੇ ਇੱਜ਼ਤ ਨਾਲ ਘਰੋਂ ਘਰੀ ਪਹੁੰਚਾਇਆ ਸੀ। 2200 ਭਾਰਤੀ ਲੜਕੀਆਂ ਨੂੰ ਅਬਦਾਲੀ ਦੀ ਹਿਰਾਸਤ ਵਿੱਚੋਂ ਛੁਡਵਾਉਣ ਲਈ ਜੱਸਾ ਸਿੰਘ ਆਹਲੂਵਾਲੀਆ, ਨਵਾਬ ਕਪੂਰ ਸਿੰਘ,ਜੱਸਾ ਸਿੰਘ ਰਾਮਗੜ੍ਹੀਆ ਨੇ ਆਪਣੀ ਜਾਨ ਤੱਕ ਖੇਡ ਗਏ ਸੀ ਤੇ ਸਾਰੀਆਂ ਲੜਕੀਆਂ ਨੂੰ ਛੁਡਾਉਣ ਪਿੱਛੋਂ ਬਾਇੱਜ਼ਤ ਘਰੋਂ ਘਰੀ ਪਹੁੰਚਾਇਆ ਸੀ। ਸਮਝ ਨਹੀਂ ਆਉਂਦੀ ਇਹ ਮਾਈ ਭਾਗੋ ਜੀ, ਬੀਬੀ ਹਰਸ਼ਰਨ ਕੌਰ, ਮਾਤਾ ਗੁਜਰੀ ਜੀ, ਮਾਤਾ ਸਾਹਿਬ ਕੌਰ ਜੀ, ਬੀਬੀ ਖੀਵੀ ਜੀ, ਬੀਬੀ ਭਾਨੀ ਜੀ ਦੀਆਂ ਵਾਰਸ ਔਰਤਾਂ ਕਿਹੜੇ ਰਾਹ ਤੁਰ ਪਈਆਂ ਹਨ।

ਆਮ ਤੌਰ ਤੇ ਹਰ ਔਰਤ ਆਪਣਾ ਆਲ਼ਾ ਦੁਆਲ਼ਾ ਸਾਫ ਕਰਨ ਦੀ ਕੌਸ਼ਿਸ ਕਰਦੀ ਹੈ ਪਰ ਇਹ ਆਲੇ ਦੁਆਲੇ ਦੇ ਨਾਲ ਨਾਲ ਸਾਰਾ ਸਮਾਜ ਗੰਦਾ ਕਰਨ ਤੇ ਉੱਤਰੀਆਂ ਹਨ। ਅੱਜ ਭਾਵੇਂ ਹਰ ਖੇਤਰ ਵਿੱਚ ਔਰਤ ਮਰਦ ਦੇ ਬਰਾਬਰ ਜਾ ਰਹੀ ਹੈ ਪਰ ਫੈਸ਼ਨ ਦੇ ਖੇਤਰ ਵਿੱਚ ਇਹ ਮਰਦਾਂ ਨਾਲੋਂ ਬਹੁਤ ਅੱਗੇ ਲੰਘ ਚੁੱਕੀਆਂ ਹਨ। ਜੇ ਗੱਲ ਕਰੀਏ ਇਹਨਾਂ ਦੇ ਫੈਸ਼ਨ ਦੀ ਤਾਂ ਉਹ ਫੈਸ਼ਨ ਹੈ ਜਿਸ ਨੂੰ ਦੇਖ ਕੇ ਅੱਜ ਔਰਤ ਤੇ ਮਰਦ ਦੋਵੇਂ ਸ਼ਰਮਸਾਰ ਹੋ ਰਹੇ ਹਨ। ਫੈਸ਼ਨ ਤੋਂ ਅੱਗੇ ਇੱਕ ਹੋਰ ਖੇਤਰ ਸ਼ੋਸਲ ਮੀਡੀਏ ਤੇ ਗੰਦੀਆਂ ਰੀਲਾਂ ਬਣਾ ਕੇ ਪਾਉਣ ਦਾ ਹੈ ਜਿਸ ਵਿੱਚ ਨੰਗੀਆਂ, ਬੇਸ਼ਰਮ ਔਰਤਾਂ ਨੇ ਅਸਮਾਨ ਨੂੰ ਛੇਕ ਤੱਕ ਕਰ ਦਿੱਤੇ ਹਨ। ਮੈਂ ਖੁਦ ਇੱਕ ਔਰਤ ਹਾਂ ਤੇ ਲਗਭਗ ਦੋ ਦਹਾਕਿਆਂ ਤੋਂ ਜਰਮਨੀ ਚ ਰਹਿ ਰਹੀ ਹਾਂ। ਸੱਤ ਸੋ ਔਰਤਾਂ ਮੇਰੇ ਨਾਲ ਕੰਮ ਕਰਦੀਆਂ ਹਨ ਜ਼ਿਹਨਾਂ ਵਿੱਚ ਤਕਰੀਬਨ ਹਰ ਉਮਰ ਦੀਆਂ ਔਰਤਾਂ (ਕੁੜੀਆਂ, ਬੂੜੀਆਂ) ਹਨ। ਸਾਰੀਆਂ ਔਰਤਾਂ ਚੰਗਾ ਪੈਸਾ ਕਮਾਉਂਦੀਆਂ ਹਨ। ਬਹੁਤ ਐਸ਼ ਅਰਾਮ ਵਾਲੀ ਜ਼ਿੰਦਗੀ ਵੀ ਬਤੀਤ ਕਰਦੀਆਂ ਹਨ ਪਰ ਇਸ ਤਰਾਂ ਰੀਲਾਂ ਬਣਾ ਕੇ ਸਮਾਜ ਚ ਗੰਦਗੀ ਫੈਲਾਉਣ ਦਾ ਕੰਮ ਇਹ ਬਿਲਕੁਲ ਵੀ ਨਹੀਂ ਕਰਦੀਆਂ।

ਜਦੋਂ ਮੈਂ ਕਿਸੇ ਪੰਜਾਬਣ ਦੀ ਗੰਦੀ ਰੀਲ ਵੇਖਦੀ ਹਾਂ ਤਾਂ ਅਕਸਰ ਸੋਚਦੀ ਹਾਂ ਕਿ ਇਹ ਜ਼ਰੂਰ ਵਿਧਵਾ ਤੇ ਅਨਾਥ ਔਰਤ ਹੋਵੇਗੀ, ਕਿਉਂਕਿ ਜੇ ਉਸ ਗੰਦੀ ਰੀਲ ਬਣਾਉਣ ਵਾਲੀ ਔਰਤ ਦਾ ਕੋਈ ਪਰਿਵਾਰ ਹੋਵੇ ? ਉਸ ਨੂੰ ਕੋਈ ਰੋਕਣ ਵਾਲਾ ਵੀ ਜ਼ਰੂਰ ਹੋਵੇਗਾ ? ਕੋਈ ਵੀ ਐਸਾ ਇਨਸਾਨ ਨਹੀਂ ਹੈ ਜੋ ਉਸ ਨੂੰ ਜਾਣਦਾ ਹੋਵੇ ? ਉਸ ਦੇ ਪਰਿਵਾਰ ਜਾਂ ਰਿਸ਼ਤੇਦਾਰ ਕੋਈ ਤਾਂ ਹੋਵੇਗਾ? ਜਾਂ ਫੇਰ ਪੰਜਾਬ ਦੇ ਮਰਦ ਇਹਨਾਂ ਔਰਤਾਂ ਨੂੰ ਗੰਦੀਆਂ ਰੀਲਾਂ ਬਣਾ ਕੇ ਪੈਸੇ ਕਮਾਉਣ ਲਈ ਵਰਤ ਰਹੇ ਹਨ? ਪੁਰਾਣੇ ਜ਼ਮਾਨੇ ਤੇ ਕੋਠੇ ਹੁੰਦੇ ਸਨ, ਕੋਠੇ ਵਾਲੀਆਂ ਔਰਤਾਂ ਵੀ ਪੜ੍ਹਦੇ ਚ ਰਹਿੰਦੀਆਂ ਸਨ। ਕੋਠੇ ਵਾਲੀਆਂ ਔਰਤਾਂ ਦੀਆਂ ਵੀ ਕੁਝ ਹੱਦਾਂ ਸਰਹੱਦਾਂ ਹੁੰਦੀਆਂ ਸਨ। ਗੰਦੀਆਂ ਰੀਲਾਂ ਬਣਾਉਣ ਵਾਲੀਆਂ ਔਰਤਾਂ ਨੇ ਹਰ ਹੱਦ ਪਾਰ ਕਰ ਲਈ ਹੈ।

ਕੁਝ ਦਿਨ ਪਹਿਲਾਂ ਕਿਸੇ ਜਾਣ ਪਹਿਚਾਣ ਵਾਲੇ ਨੇ ਇੱਕ ਔਰਤ ਦੀ ਵੀਡੀਓ ਦਾ ਲਿੰਕ ਭੇਜ ਕੇ ਨਾਲ ਮੈਨੂੰ ਬੇਨਤੀ ਕੀਤੀ ਸੀ ਕਿ ਇਹਨਾਂ ਗਸਤੀ.....! ਬਾਰੇ ਲਿਖੋ। ਇਸ ਤੋਂ ਪਹਿਲਾਂ ਕਿ ਮੈਂ ਉਸ ਲਿੰਕ ਨੂੰ ਖੋਲ ਕੇ ਵੇਖਦੀ ਮੈਂ ਪਹਿਲਾਂ ਹੀ ਭੇਜਣ ਵਾਲੇ ਨੂੰ ਲਿਖ ਦਿੱਤਾ ਕਿ ਕਿਰਪਾ ਕਰਕੇ ਸ਼ਬਦਾਂ ਦੀ ਚੋਣ ਸਹੀ ਕਰੋ ਜੀ, ਸਤਿਕਾਰ ਦਿਉ ਤੇ ਸਤਿਕਾਰ ਲਉ ਜੀ। ਜਦੋ ਮੈਂ ਭੇਜਿਆ ਗਿਆ ਲਿੰਕ ਖੋਲ ਕੇ ਵੇਖਿਆ ਤਾਂ ਇੱਕ ਮਾਂ ਆਪਣੇ ਬੱਚੇ ਨੂੰ ਦੁੱਧ ਚੁੰਘਾਉਣਾ/ ਪਿਆਉਣ ਵਕਤ ਅੱਧ ਨੰਗੀ ਹੋ ਕੇ (ਵੀਡੀਓ) ਰੀਲ ਬਣਾ ਰਹੀ ਸੀ । ਉਸ ਦੀ ਅਜਿਹੀ ਅਵਸਥਾ ਨੂੰ ਵੇਖ ਕੇ ਮੈਨੂੰ ਆਪ ਨੂੰ ਵੀ ਬਹੁਤ ਜ਼ਿਆਦਾ ਸ਼ਰਮ ਆਈ।

ਅਖੀਰ ਮੈਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਸਾਹਿਬ ਜੀ ਨੂੰ ਬੇਨਤੀ ਕਰਦੀ ਹਾਂ ਕਿ ਉਹ ਇਹਨਾਂ ਗੰਦੀਆਂ ਰੀਲਾਂ ਪਾਉਣ ਵਾਲੇ ਹਰ ਪੰਜਾਬੀ, ਪੰਜਾਬਣਾਂ ਨੂੰ ਨੱਥ ਪਾਉਣ ਲਈ ਛੇਤੀ ਤੋਂ ਛੇਤੀ ਕੋਈ ਅਹਿਮ ਕਦਮ ਪੁੱਟਣ, ਨਹੀਂ ਤਾਂ ਪੰਜਾਬੀ ਸਮਾਜ ਵਿੱਚ ਐਨਾ ਜ਼ਿਆਦਾ ਗੰਦ ਪੈ ਜਾਵੇਗਾ ਕਿ ਲੋਕ ਜ਼ਿਆਦਾ ਗਰਮੀ, ਬਿਨਾ ਪਾਣੀ, ਕੈਂਸਰ ਨਾਲ ਨਹੀ ਸਗੋਂ ਨੰਗੀਆਂ ਰੀਲਾਂ ਨਾਲ ਮਰਨਗੇ। ਅੱਜ ਵੀ ਬਹੁਤ ਸਾਰੇ ਲੋਕ ਇਹਨਾਂ ਰੀਲਾਂ ਕਰਕੇ ਦੁਖੀ ਹੋ ਚੁੱਕੇ ਹਨ ਪਰ ਇੱਕ ਆਮ ਇਨਸਾਨ ਕੁਝ ਵੀ ਨਹੀਂ ਕਰ ਸਕਦਾ।

ਮੁੱਖ ਮੰਤਰੀ ਸਾਹਿਬ ਜੀ ਮੈਂ ਆਪ ਜੀ ਨੂੰ ਆਪ ਜੀ ਦੀ ਨੰਨੀ ਧੀ ਦੇ ਪਾਪਾ ਬਣਨ ਦੀਆਂ ਢੇਰ ਸਾਰੀਆਂ ਮੁਬਾਰਕਾਂ, ਦੁਆਵਾਂ ਭੇਜਦੀ ਹਾਂ ਤੇ ਨਾਲ ਹੀ ਮੁੜ ਤੋਂ ਫੇਰ ਬੇਨਤੀ ਕਰਦੀ ਹਾਂ ਕਿ ਅੱਜ ਤੁਹਾਡੇ ਹੱਥ ਵਿੱਚ ਉਸ ਝਾੜੂ ਦੀ ਵਾਗਡੋਰ ਹੈ ਜਿਸ ਨਾਲ ਤੁਸੀਂ ਪੰਜਾਬ ਵਿੱਚ ਫੈਲੀ ਹਰ ਤਰਾਂ ਦੀ ਗੰਦਗੀ ਸਾਫ ਕਰਵਾਉਣ ਦੀ ਤਾਕਤ ਰੱਖਦੇ ਹੋ, ਕਰੋ ਕਿਰਪਾ ਤੇ ਨੰਨੀ ਧੀ ਦੇ ਚੱਲਣਾ ਸਿੱਖਣ ਤੱਕ ਸੋਹਣਾ ਸਮਾਜ ਸਿਰਜ ਦਿਉ ਜੀ ਤਾਂ ਜੋ ਆਪ ਜੀ ਦੀ ਨੰਨੀ ਧੀ ਵਾਂਗ ਪੰਜਾਬ ਦੀ ਹਰ ਧੀ ਇੱਜ਼ਤ ਮਾਣ ਨਾਲ ਜੀਅ ਸਕੇ ਤੇ ਸੋਹਣਾ ਸਮਾਜ ਸਿਰਜਣ ਦੇ ਕਾਰਜ ਕਰ ਕਰੇ, ਨਾ ਕਿ ਸਮਾਜ ਵਿੱਚ ਗੰਦ ਪਾਉਣ ਲਈ ਗੰਦੀਆਂ ਰੀਲਾਂ ਬਣਾ ਕੇ ਪੰਜਾਬੀ ਸੱਭਿਆਚਾਰ ਨੂੰ ਧੱਬਾ , ਨਾ ਲਹਿ ਜਾਣ ਵਾਲਾ ਕਲੰਕ ਲਾ ਸਕੇ।

ਮੁੱਖ ਮੰਤਰੀ ਸਾਹਿਬ ਦੇ ਨਾਲ ਨਾਲ ਨਗਰ ਪਾਲਿਕਾ ਦੀ ਸਭ ਤੋਂ ਅਹਿਮ ਇਕਾਈ ਪਿੰਡਾਂ ਦੇ ਸਰਪੰਚ ਪੰਚ, ਐਸ ਐਸ ਪੀ, ਡਿਪਟੀ ਕਮਿਸ਼ਨਰ ਤੇ ਹੋਰ ਜਨਤਕ ਸਮੂਹਾਂ ਦੇ ਮੈਂਬਰਾਂ ਨੂੰ ਗੰਦੀਆਂ ਰੀਲਾਂ ਬੰਦ ਕਰਾਉਣ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ।

ਆਉ ਅਸੀਂ ਸਾਰੇ ਰਲ ਮਿਲ ਕੇ,
ਇਹਨਾਂ ਨੰਗੀਆਂ ਰੀਲਾਂ ਨੂੰ,
ਨੱਥ ਪਾਈਏ, ਬੰਦ ਕਰਵਾਈਏ,
ਸੋਹਣਾ ਸਮਾਜ ਸਜਾਈਏ।
ਕਰਦੀਆਂ ਨੇ ਜੋ ਵਕਤ ਖਰਾਬ,
ਘਰ ਵਿੱਚ ਇਹਨਾਂ ਤੋਂ ਸਾਰਾ ਕੰਮ ਕਰਵਾਈਏ,
ਅੱਜ ਹੀ ਕੰਮ ਵਾਲੀ ਹਟਾਈਏ,
ਸੋਹਣਾ ਸਮਾਜ ਸਜਾਈਏ।
ਡਰਦੇ ਨੇ ਜੋ ਇਹਨਾਂ,
ਵਿਗੜੀਆਂ ਔਰਤਾਂ ਤੋਂ,
ਉਹਨਾਂ ਦੀ ਹਿੰਮਤ ਜੁਟਾਈਏ,
ਸੋਹਣਾ ਸਮਾਜ ਸਜਾਈਏ।
ਸੁਧਰਨੀਆਂ ਇਹ ਛੇਤੀ ਛੇਤੀ,
ਨੈੱਟ ਪੈਕ ਬੰਦ ਕਰਵਾਈਏ,
ਲੇਬਰ ਨਾਲ ਦਿਹਾੜੀਆ ਲਵਾਈਏ,
ਸੋਹਣਾ ਸਮਾਜ ਸਜਾਈਏ।
ਦੁੱਖੀ ਹੋ ਗਏ ਮਾਪੇ, ਸਹੁਰੇ,
ਇਹ ਨਾ ਮੰਨਣ ਕਿਸੇ ਦੀ,
ਸਰਕਾਰੇ ਦਰਬਾਰੇ ਸ਼ਿਕਾਇਤ ਪਹੁੰਚਾਈਏ,
ਸੋਹਣਾ ਸਮਾਜ ਸਜਾਈਏ।

SUNSHINE AUTO CARE INC.
WE REPAIR ALL MAKES & MODELS. AUTO, DIESEL TRUCK & TRAILERS
✓ DPF Filter Cleaning
✓ Clutch
✓ Transmission
✓ New/Used Tires
✓ Oil Changes
✓ Wheel Balancing
✓ Truck & Trailer Repair
✓ All Major & Minor Repairs
✓ We Do Aluminum Welding
✓ Computer Check
✓ Differential
✓ Inspections
✓ Van/Reefer Work
WE PROVIDE SHUTLE SERVICE FOR ALL CUSTOMERS
hablamos español
We Speak English, Spanish & Punjabi
We Provide Towing & 24/7 Mobile Road Services For All Autos, Trucks & Trailers
Open Monday to Saturday
Com-Check
T-Check
EFS Check
ACCEPTED HERE
VISA MasterCard AMERICAN EXPRESS DISCOVER NETWORK





1003 Moffat Blvd,
Manteca CA 95336
209-239-1551


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਬਾਜ



ਬਾਜ ਆਇਆ ਬਾਜ
ਆਇਆ,
ਉੱਡਦਾ-ਉੱਡਦਾ ਬਾਜ
ਆਇਆ,
ਪੰਛੀਆਂ ਨੂੰ ਡਰਾਉਂਦਾ
ਜਾਵੇ, ਆਇਆ
ਹੱਥ ਨਾ ਕਿਸੇ ਦੇ ਆਵੇ, ਉੱਡਦਾ-ਉੱਡਦਾ ਬਾਜ
ਬਾਜ ਆਇਆ ਬਾਜ ਆਇਆ।



**ਅਰਮਾਨ ਸਿੰਘ, ਜਮਾਤ ਚੌਥੀ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ,**
**ਗੰਭੀਰਪੁਰ ਲੋਅਰ, ਜਿਲ੍ਹਾ**
**ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
9478561356

# ਨਾ ਬੱਦਲਾ ਵੇ ਚੰਨ ਲਕੋਈ

ਨਾ ਬੱਦਲਾ ਵੇ ਚੰਨ ਲਕੋਈ,
ਦੋ ਘੜੀਆਂ ਮੈਨੂੰ ਦੇਖਣ ਦੇ ,
ਚੰਨ ਦੇ ਵਿਚ ਮਾਹੀ ਦਿਸਦਾ ,
ਹੁਸਨ ਉਹਦੇ ਨੂੰ ਸੇਕਣ ਦੇ ।
ਟੁੱਟੀ ਮੰਜੀ ਵਾਣ ਵੇ ਚੁਭਦਾ,
ਨੀਦ ਨਾ ਨੈਣੀਂ ਪੈਦੀ ,
ਅੱਕਦੀ ਹਾਂ ਨਾ ਧੱਕਦੀ ਹਾਂ ,
ਮੇਰੀ ਝਾਕ ਰਾਹਾਂ ਵੱਲ ਰਹਿੰਦੀ ,
ਗੁਰੂ ਘਰ ਵੱਲ ਪੈਰ ਨਾ ਮੁੜਦੇ ,
ਮੇਰੇ ਰੱਬ ਨੂੰ ਮੱਥਾ ਟੇਕਣ ਦੇ ।
ਨਾ ਬੱਦਲਾ ..................

ਹੁਸਨ ਉਹਦੇ ਦਾ ਜਾਦੂ ,
ਹੈ ਦਿਲ ਮੇਰੇ ਛਾਇਆ,
ਪਾਗਲਾਂ ਵਾਗੂ ਤੁਰੀ ਫਿਰਾ ,
ਜਿਵੇ ਨਸਾਂ ਕਿਸੇ ਖਵਾਇਆ,
ਮੇਰੇ ਨਾਲ ਤਕਦੀਰ ਜੁੜੀ,
ਇਸ਼ਕ ਨੂੰ ਅੱਜ ਮਹਿਕਣ ਦੇ ।
ਨਾ ਬੱਦਲਾ...................
ਖਿਲਰਿਆ ਜੋ ਚਾਨਣ ਅੱਜ,
ਕਰ ਕੱਠਾ ਬੰਨ ਪੰਡ ਲਵਾਂ ,
ਹੋਵੇ ਮਿਠਾਸ ਜ਼ਿੰਦਗੀ ਚ,
ਥੋੜੀ ਉਸ ਤੋ ਖੰਡ ਲਵਾਂ ,
'ਸਿਵ' ਮਰੇ ਨਾ ਕਿਤਾਬਾਂ ਚ ,
ਮੇਰੇ ਸ਼ਬਦਾਂ ਨੂੰ ਟਹਿਕਣ ਦੇ ।
ਨਾ ਬੱਦਲਾ ........... .......

ਸਾਂਝੀ ਸੋਚ
**ਸ਼ਿਵਨਾਥ ਦਰਦੀ**
98551-55392



**LARRY T. NIERMEYER**



**Attorney at Law**

**OFFERING SERVICES IN THE FOLLOWING AREAS**

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





**PHONE: (209) 574-9447**

**1420 F STREET ST_ 2ND FLOOR MODESTO, CA 95354**

Email : ltniermeyer@aol.com





# RE/MAX EXECUTIVE

## ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330